ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 21 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੬ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸੁਪਰੀਮ ਕੋਰਟ ਦਾ ਯੂ-ਟਿਊਬ ਚੈਨਲ ਹੋਇਆ ਹੈਕ

**ਨਵੀਂ ਦਿੱਲੀ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਦਾ ਅਧਿਕਾਰਤ ਯੂ-ਟਿਊਬ ਚੈਨਲ ਸ਼ੁੱਕਰਵਾਰ ਨੂੰ ਹੈਕ ਹੋ ਗਿਆ ਅਤੇ ਉਸ 'ਤੇ ਅਮਰੀਕੀ ਕੰਪਨੀ 'ਰਿਪਲ ਲੈਬਸ' ਨਿਰਮਿਤ ਕ੍ਰਿਪਟੋਕਰੰਸੀ ਐਕਸਆਰਪੀ ਦਾ ਐਡ ਵੀਡੀਓ ਦਿਖਾਈ ਦੇਣ ਲੱਗਾ। ਹਾਲਾਂਕਿ ਵੀਡੀਓ ਨੂੰ ਖੋਲ੍ਹਣ 'ਤੇ ਉਸ 'ਤੇ ਕੁਝ ਦਿਖਾਈ ਨਹੀਂ ਦਿੱਤਾ। ਸੁਪਰੀਮ ਕੋਰਟ ਸੰਵਿਧਾਨਕ ਬੈਂਚਾਂ ਦੇ ਸਾਹਮਣੇ ਸੂਚੀਬੱਧ ਮਾਮਲਿਆਂ ਅਤੇ ਜਨਤਕ ਹਿੱਤਾਂ ਦੇ ਮਾਮਲਿਆਂ ਦੀ ਸੁਣਵਾਈ ਨੂੰ ਲਾਈਵ ਸਟ੍ਰੀਮ ਕਰਨ ਲਈ YouTube ਚੈਨਲ ਦੀ ਵਰਤੋਂ ਕਰਦੀ ਹੈ। ਹਾਲ ਹੀ 'ਚ, ਕੋਲਕਾਤਾ ਦੇ ਆਰਜੀ ਕਰ ਮੈਡੀਕਲ ਕਾਲਜ ਅਤੇ ਹਸਪਤਾਲ 'ਚ ਇਕ ਮਹਿਲਾ ਟਰੇਨੀ ਡਾਕਟਰ ਦੇ ਜਬਰ ਜ਼ਿਨਾਹ ਅਤੇ ਕਤਲ ਕੇਸ ਦੀ ਸੁਣਵਾਈ ਨੂੰ ਸੁਪਰੀਮ ਕੋਰਟ ਦੇ ਯੂਟਿਊਬ ਚੈਨਲ 'ਤੇ ਲਾਈਵ ਸਟ੍ਰੀਮ ਕੀਤਾ ਗਿਆ ਸੀ। ਸੁਪਰੀਮ ਕੋਰਟ ਦੇ ਯੂਟਿਊਬ ਚੈਨਲ 'ਤੇ ਅਪਲੋਡ ਪਿਛਲੀ ਸੁਣਵਾਈ ਦੀ ਵੀਡੀਓ ਨੂੰ ਹੈਕਰਾਂ ਵਲੋਂ ਪ੍ਰਾਈਵੇਟ ਕਰ ਦਿੱਤਾ ਅਤੇ 'ਬ੍ਰੈਡ ਗਾਰਲਿੰਗਹਾਊਸ: ਰਿਪਲ ਰਿਸਪੌਂਡਜ਼ ਟੂ ਦ ਐਸਈਸੀ ਦੇ £2 ਬਿਲੀਅਨ ਫਾਈਨ! 'XRP ਪ੍ਰਾਈਸ ਪ੍ਰੀਡਿਕਸ਼ਨ' ਸਿਰਲੇਖ ਵਾਲਾ ਇਕ ਬਲੈਂਕ ਵੀਡੀਓ ਮੌਜੂਦਾ ਸਮੇਂ 'ਚ ਹੈਕ ਕੀਤੇ ਚੈਨਲ 'ਤੇ ਲਾਈਵ ਕਰ ਦਿੱਤਾ। ਸੁਪਰੀਮ ਕੋਰਟ ਦੇ ਇਕ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਸਾਨੂੰ ਯਕੀਨ ਨਹੀਂ ਹੈ ਕਿ ਅਸਲ ਵਿਚ ਕੀ ਹੋਇਆ ਹੈ ਪਰ ਲੱਗਦਾ ਹੈ ਕਿ ਵੈੱਬਸਾਈਟ ਨਾਲ ਛੇੜਛਾੜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਸਮੱਸਿਆ ਸ਼ੁੱਕਰਵਾਰ ਸਵੇਰੇ ਸੁਪਰੀਮ ਕੋਰਟ ਦੇ ਅਧਿਕਾਰਤ ਯੂਟਿਊਬ ਚੈਨਲ 'ਤੇ ਸਾਹਮਣੇ ਆਈ ਅਤੇ ਸੁਪਰੀਮ ਕੋਰਟ ਦੀ ਆਈ.ਟੀ. ਟੀਮ ਨੇ ਇਸ ਨੂੰ ਠੀਕ ਕਰਨ ਲਈ ਐੱਨਆਈਸੀ (ਨੈਸ਼ਨਲ ਇਨਫੋਰਮੈਟਿਕਸ ਸੈਂਟਰ) ਤੋਂ ਮਦਦ ਮੰਗੀ ਹੈ। ਹੈਕਰ ਅੱਜ-ਕੱਲ੍ਹ ਵੱਡੇ ਪੱਧਰ 'ਤੇ ਪ੍ਰਸਿੱਧ ਯੂਟਿਊਬ ਚੈਨਲਾਂ ਨੂੰ ਨਿਸ਼ਾਨਾ ਬਣਾ ਰਹੇ ਹਨ।

### ਪਰਮਿਟ ਹੋ ਗਏ ਰੱਦ

# ਬਾਦਲਾਂ ਦੀਆਂ ਬੱਸਾਂ 'ਤੇ ਵੱਡਾ ਐਕਸ਼ਨ !






**ਚੰਡੀਗੜ੍ਹ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਟਰਾਂਸਪੋਰਟ ਵਿਭਾਗ ਨੇ ਵੱਡੀ ਕਾਰਵਾਈ ਕੀਤੀ ਹੈ। ਕਰੀਬ 600 ਬੱਸਾਂ ਦੇ ਪਰਮਿਟ ਰੱਦ ਕਰ ਦਿੱਤੇ ਗਏ ਹਨ। ਇਹ ਪਰਮਿਟ ਗੈਰ-ਕਾਨੂੰਨੀ ਢੰਗ ਨਾਲ ਜਾਰੀ ਕੀਤੇ ਗਏ ਸਨ। ਸਰਕਾਰ ਵੱਲੋਂ ਜਿਨ੍ਹਾਂ ਬੱਸਾਂ ਦੇ ਪਰਮਿਟ ਰੱਦ ਕੀਤੇ ਗਏ ਹਨ ਉਨ੍ਹਾਂ ਵਿੱਚ 30 ਫੀਸਦੀ ਬੱਸਾਂ ਬਾਦਲ ਪਰਿਵਾਰ ਦੀਆਂ ਹਨ। ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਇਹ ਸਾਰੀ ਖੇਡ 2007 ਤੋਂ 2017 ਤੱਕ ਅਕਾਲੀ ਦਲ ਦੀ ਸਰਕਾਰ ਤੇ ਫਿਰ ਕਾਂਗਰਸ ਸਰਕਾਰ ਵੇਲੇ ਹੋਈ ਸੀ। ਇਨ੍ਹਾਂ ਪਰਮਿਟਾਂ ਦਾ ਕੋਈ ਸਿਰ-ਪੈਰ ਨਹੀਂ ਸੀ। ਕਈ ਵੱਡੇ ਟਰਾਂਸਪੋਰਟਰ ਇਸ ਵਿੱਚ ਸ਼ਾਮਲ ਹਨ। ਮੰਤਰੀ ਲਾਲਜੀਤ ਭੁੱਲਰ ਨੇ ਕੁਝ ਟਰਾਂਸਪੋਰਟਰਾਂ ਦੇ ਨਾਂਵਾਂ ਬਾਰੇ ਵੀ ਖੁਲਾਸਾ ਕੀਤਾ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਦੀਆਂ ਕਰੀਬ 30 ਫੀਸਦੀ ਬੱਸਾਂ ਦੇ ਪਰਮਿਟ ਰੱਦ ਕਰ ਦਿੱਤੇ ਗਏ ਹਨ, ਜੋ ਗੈਰ-ਕਾਨੂੰਨੀ ਸਨ।

## ਕੈਪਟਨ ਦੀ ਸਰਕਾਰ 'ਚ ਮੰਤਰੀ ਰਹੇ ਰਾਣਾ ਸੋਢੀ ਖਿਲਾਫ਼ ਧੋਖਾਧੜੀ ਦੀ ਸ਼ਿਕਾਇਤ, ਵਿਜੀਲੈਂਸ ਨੇ ਜਾਂਚ ਕੀਤੀ ਸ਼ੁਰੂ

**ਚੰਡੀਗੜ੍ਹ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੈਪਟਨ ਅਮਰਿੰਦਰ ਸਿੰਘ ਸਰਕਾਰ ਦੇ ਸਾਬਕਾ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਖਿਲਾਫ ਲੱਖਾਂ ਰੁਪਏ ਦੀ ਧੋਖਾਧੜੀ ਦੀ ਸ਼ਿਕਾਇਤ ਕੀਤੀ ਗਈ ਹੈ। ਜਿਸ ਦੀ ਪੰਜਾਬ ਵਿਜੀਲੈਂਸ ਬਿਊਰੋ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਵਿਜੀਲੈਂਸ ਬਿਊਰੋ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਸ਼ਿਕਾਇਤ ਵਿੱਚ ਪੇਸ਼ ਤੱਥਾਂ ਦੀ ਜਾਂਚ ਕੀਤੀ ਜਾ ਰਹੀ ਹੈ, ਤੱਥ ਸਾਹਮਣੇ ਆਉਣ ਤੋਂ ਬਾਅਦ ਹੀ ਕਾਰਵਾਈ ਕੀਤੀ ਜਾਵੇਗੀ। ਸ਼ਿਕਾਇਤਕਰਤਾ ਮਲਕੀਤ ਸਿੰਘ ਵਾਸੀ ਫਾਜ਼ਿਲਕਾ ਨੇ ਦੋਸ਼ ਲਾਇਆ ਹੈ ਕਿ ਸਾਲ 2022 ਵਿੱਚ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵਿੱਚ ਮੰਤਰੀ ਰਹੇ ਰਾਣਾ ਗੁਰਮੀਤ ਸਿੰਘ ਸੋਢੀ ਨੇ ਉਸ ਨੂੰ ਭਰੋਸਾ ਦਿੱਤਾ ਸੀ ਕਿ ਉਹ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਆਪਣੇ ਮਾਹਿਰਾਂ ਨੂੰ ਉਸ ਦੀ ਮਨਚਾਹੀ ਥਾਂ 'ਤੇ ਤਬਾਦਲਾ ਕਰਵਾ ਸਕਦਾ ਹੈ। ਇਸ 'ਤੇ ਸ਼ਿਕਾਇਤਕਰਤਾ ਨੇ ਆਪਣੇ ਕੁਝ ਜਾਣਕਾਰ ਕਰਮਚਾਰੀਆਂ ਨੂੰ ਬਦਲੀ ਕਰਵਾਉਣ ਲਈ ਕਰੀਬ 17.5 ਲੱਖ ਰੁਪਏ ਦੇ ਦਿੱਤੇ। ਪੈਸੇ ਲੈ ਕੇ ਕਾਫੀ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸਬੰਧਤ ਵਿਅਕਤੀਆਂ ਦਾ ਤਬਾਦਲਾ ਨਹੀਂ ਕੀਤਾ ਗਿਆ। ਹੁਣ ਦੋ ਸਾਲਾਂ ਬਾਅਦ ਸ਼ਿਕਾਇਤਕਰਤਾ ਨੇ ਵਿਜੀਲੈਂਸ ਨੂੰ ਪੈਸੇ ਵਾਪਸ ਕਰਵਾਉਣ ਦੀ ਅਪੀਲ ਕੀਤੀ ਹੈ। ਮਲਕੀਤ ਸਿੰਘ ਨੇ ਕਿਹਾ ਕਿ ਪੈਸੇ ਦੇਣ ਦੇ ਬਾਵਜੂਦ ਮੰਤਰੀ ਨੇ ਮੇਰਾ ਕੰਮ ਨਹੀਂ ਕਰਵਾਇਆ। ਕੋਈ ਕੰਮ ਨਾ ਹੋਣ 'ਤੇ ਜਦੋਂ ਮੈਂ ਮੰਤਰੀ ਨੂੰ ਮਿਲਣ ਗਿਆ ਤਾਂ ਉਨ੍ਹਾਂ ਦੇ ਪੀਐਸਓ ਨੇ ਮੈਨੂੰ ਮਿਲਣ ਨਹੀਂ ਦਿੱਤਾ। ਕੰਮ ਨਹੀਂ ਹੋਇਆ ਅਤੇ ਨਾ ਹੀ ਮੇਰੇ ਪੈਸੇ ਵਾਪਸ ਕੀਤੇ ਜਾ ਰਹੇ ਸਨ। ਇੱਕ ਦਿਨ ਫਿਰ ਮੈਂ ਆਪਣੇ ਪੈਸੇ ਵਾਪਸ ਮੰਗਣ ਗਿਆ। ਜਦੋਂ ਮੈਂ ਮੰਤਰੀ ਦੇ ਪੀ.ਐਸ.ਓ. ਨੂੰ ਦੱਸਿਆ ਕਿ ਮੇਰੇ ਮੋਬਾਈਲ ਫ਼ੋਨ ਵਿੱਚ ਮੰਤਰੀ ਵਿਰੁੱਧ ਸਬੂਤ ਹਨ ਤਾਂ ਉਨ੍ਹਾਂ (ਪੀ.ਐੱਸ.ਓ.) ਨੇ ਮੇਰਾ ਮੋਬਾਈਲ ਟਾਇਲਟ ਵਿੱਚ ਸੁੱਟ ਦਿੱਤਾ। ਇਸ ਕਾਰਨ ਮੇਰੇ ਕੋਲ ਹੁਣ ਕੋਈ ਸਬੂਤ ਨਹੀਂ ਹੈ। ਮੈਂ ਮੋਬਾਈਲ ਫੋਨ ਦੀ ਫੋਰੈਂਸਿਕ ਜਾਂਚ ਦੀ ਵੀ ਮੰਗ ਕੀਤੀ ਹੈ ਤਾਂ ਜੋ ਸੱਚਾਈ ਸਾਹਮਣੇ ਆ ਸਕੇ।



## ਪੰਚਾਇਤੀ ਚੋਣਾਂ ਦਾ ਬਿਗਲ ਵੱਜਦਿਆਂ ਹੀ ਪਿੰਡਾਂ 'ਚ ਉਬਾਲ, ਮੀਟਿੰਗਾਂ ਤੇ ਜੋੜ-ਤੋੜ ਸ਼ੁਰੂ

**ਚੰਡੀਗੜ੍ਹ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਪੰਚਾਇਤੀ ਚੋਣਾਂ ਦਾ ਬਿਗੁਲ ਵੱਜਦਿਆਂ ਹੀ ਪਿੰਡਾਂ ਵਿੱਚ ਹਿੱਲਜੁੱਲ ਸ਼ੁਰੂ ਹੋ ਗਈ ਹੈ। ਕਈ ਪਿੰਡਾਂ ਵਿੱਚ ਮੀਟਿੰਗਾਂ ਦਾ ਦੌਰ ਚੱਲ



ਰਿਹਾ ਹੈ। ਬੇਸ਼ੱਕ ਪੰਜਾਬ ਸਰਕਾਰ ਨੇ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪੰਜ ਲੱਖ ਰੁਪਏ ਇਨਾਮ ਦੇਣ ਦਾ ਐਲਾਨ ਕੀਤਾ ਹੈ ਪਰ ਇਸ ਦੇ ਬਾਵਜੂਦ ਬਹੁਤੇ ਪਿੰਡਾਂ ਅੰਦਰ ਕਈ-ਕਈ ਧਿਰਾਂ ਮੈਦਾਨ ਵਿੱਚ ਨਿੱਤਰਣ ਲਈ ਕਾਹਲੀਆਂ ਹਨ। ਦਰਅਸਲ ਪੰਜਾਬ ਸਰਕਾਰ ਨੇ ਪਿਛਲੇ ਸਾਲ ਤੋਂ ਟਲਦੀਆਂ ਆ ਰਹੀਆਂ ਪੰਚਾਇਤੀ ਚੋਣਾਂ ਅਗਲੇ ਮਹੀਨੇ ਕਰਵਾਉਣ ਦਾ ਫੈਸਲਾ ਕੀਤਾ ਹੈ। ਸਰਕਾਰ ਵੱਲੋਂ ਚੋਣਾਂ ਲਈ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਚੋਣਾਂ 20 ਅਕਤੂਬਰ ਤੋਂ ਪਹਿਲਾਂ ਕਰਵਾਈਆਂ ਜਾਣਗੀਆਂ। ਪੰਚਾਇਤ ਵਿਭਾਗ ਇਹ ਨੋਟੀਫਿਕੇਸ਼ਨ ਰਾਜ ਚੋਣ ਕਮਿਸ਼ਨ ਨੂੰ ਭੇਜੇਗਾ। ਚੋਣ ਕਮਿਸ਼ਨ ਉਸ ਅਨੁਸਾਰ ਪੰਚਾਇਤੀ ਚੋਣਾਂ ਦਾ ਸ਼ਿਡਊਲ ਜਾਰੀ ਕਰੇਗਾ। ਮੰਨਿਆ ਜਾ ਰਿਹਾ ਹੈ ਕਿ 23 ਸਤੰਬਰ ਤੋਂ ਬਾਅਦ ਚੋਣ ਜ਼ਾਬਤਾ ਲਾਗੂ ਹੋ ਸਕਦਾ ਹੈ। ਹਾਲਾਂਕਿ ਇਸ ਤੋਂ ਬਾਅਦ ਨਗਰ ਨਿਗਮ ਤੇ ਨਗਰ ਕੌਂਸਲ ਚੋਣਾਂ ਹੋਣਗੀਆਂ। ਸਰਕਾਰੀ ਸੂਤਰਾਂ ਦੀ ਮੰਨੀਏ ਤਾਂ 13 ਅਕਤੂਬਰ ਨੂੰ ਚੋਣਾਂ ਹੋ ਸਕਦੀਆਂ ਹਨ। ਹਾਲ ਹੀ ਵਿੱਚ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਪੰਚਾਇਤੀ ਚੋਣਾਂ ਦੀ ਫਾਈਲ ਮੁੱਖ ਮੰਤਰੀ ਨੂੰ ਭੇਜੀ ਗਈ ਸੀ ਜਿਸ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਹਰੀ ਝੰਡੀ ਦੇ ਦਿੱਤੀ ਹੈ। ਰਾਜ ਸਰਕਾਰ ਦੇ ਕਾਨੂੰਨੀ ਤੇ ਵਿਧਾਨਕ ਮਾਮਲੇ ਵਿਭਾਗ ਦੇ ਪ੍ਰਮੁੱਖ ਸਕੱਤਰ ਨੇ 16 ਸਤੰਬਰ ਨੂੰ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਇਸ ਦੇ ਨਾਲ ਹੀ ਹੁਣ ਪੇਂਡੂ ਵਿਕਾਸ ਵਿਭਾਗ ਵੱਲੋਂ ਪ੍ਰਕਿਰਿਆ ਸ਼ੁਰੂ ਕਰਨ ਨਾਲ ਇਹ ਸਪੱਸ਼ਟ ਹੋ ਗਿਆ ਹੈ ਕਿ ਚੋਣਾਂ 20 ਅਕਤੂਬਰ ਤੋਂ ਪਹਿਲਾਂ ਕਰਵਾਈਆਂ ਜਾਣਗੀਆਂ। ਇਸ ਦੇ ਨਾਲ ਹੀ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੇ ਨਿਯਮਾਂ ਅਨੁਸਾਰ ਸਰਪੰਚਾਂ ਦੀਆਂ ਅਸਾਮੀਆਂ ਰਾਖਵੀਆਂ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਵੱਲੋਂ ਆਪਣੇ ਖੇਤਰ ਅਧੀਨ ਆਉਂਦੀਆਂ ਪੰਚਾਇਤਾਂ ਵਿੱਚ ਅਨੁਸੂਚਿਤ ਜਾਤੀਆਂ ਦੀ ਆਬਾਦੀ ਦੇ ਅੰਕੜਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਬਲਾਕ ਨੂੰ ਇਕਾਈ ਮੰਨ ਕੇ ਸਰਪੰਚਾਂ ਦੀਆਂ ਅਸਾਮੀਆਂ ਰਾਖਵੀਆਂ ਕਰਨ ਲਈ ਰੋਸਟਰ ਤਿਆਰ ਕੀਤਾ ਜਾ ਰਿਹਾ ਹੈ। ਉਧਰ, ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਵਿੱਚ ਪਾਸ ਕੀਤੇ ਪੰਜਾਬ ਪੰਚਾਇਤੀ ਰਾਜ ਬਿੱਲ 2024 ਨੂੰ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਇੱਕ ਦਿਨ ਪਹਿਲਾਂ ਮਨਜ਼ੂਰੀ ਦੇ ਦਿੱਤੀ ਸੀ। ਇਸ ਨਾਲ ਪੰਚਾਇਤੀ ਚੋਣਾਂ ਵਿੱਚ ਰਾਖਵੇਂਕਰਨ ਦੀ ਪੁਰਾਣੀ ਰਵਾਇਤ ਬਹਾਲ ਹੋ ਗਈ ਹੈ। ਹੁਣ ਪੰਚ-ਸਰਪੰਚ ਚੋਣਾਂ ਪਾਰਟੀ ਲੀਹਾਂ 'ਤੇ ਨਹੀਂ ਹੋਣਗੀਆਂ। ਦੱਸ ਦਈਏ ਕਿ ਪੰਜਾਬ ਵਿੱਚ ਸਾਲ 2018 ਵਿੱਚ ਪੰਚਾਇਤੀ ਚੋਣਾਂ ਹੋਈਆਂ ਸਨ। ਇਸ ਦੌਰਾਨ 13276 ਸਰਪੰਚ ਤੇ 83831 ਪੰਚਾਂ ਦੀ ਚੋਣ ਕੀਤੀ ਗਈ। ਲਗਪਗ ਸਾਰੀਆਂ ਪੰਚਾਇਤਾਂ ਦਾ ਕਾਰਜਕਾਲ ਦਸੰਬਰ ਵਿੱਚ ਖਤਮ ਹੋ ਗਿਆ ਸੀ। ਇਸ ਤੋਂ ਬਾਅਦ ਸੀਨੀਅਰ ਅਧਿਕਾਰੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਸਾਰੀਆਂ ਪੰਚਾਇਤਾਂ ਦੀ ਕਮਾਨ ਸੌਂਪ ਦਿੱਤੀ ਗਈ। ਹਾਲਾਂਕਿ ਚੋਣਾਂ 'ਚ ਦੇਰੀ ਦਾ ਮਾਮਲਾ ਪੰਜਾਬ ਤੇ ਹਰਿਆਣਾ ਹਾਈ ਕੋਰਟ ਤੱਕ ਪਹੁੰਚ ਗਿਆ ਸੀ। ਇਸ ਦੌਰਾਨ ਸਰਕਾਰ ਨੇ ਅਦਾਲਤ ਵਿੱਚ ਕਿਹਾ ਸੀ ਕਿ ਅਸੀਂ ਜਲਦੀ ਹੀ ਚੋਣਾਂ ਕਰਵਾਉਣ ਦੀ ਤਿਆਰੀ ਕਰ ਰਹੇ ਹਾਂ।

## ਗੁਰਦਾਸ ਮਾਨ ਨੇ ਸਿੱਖ ਜਥੇਬੰਦੀਆਂ ਤੋਂ ਹੱਥ ਜੋੜ ਕੇ ਮੰਗੀ ਮੁਆਫ਼ੀ

**ਚੰਡੀਗੜ੍ਹ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਗੁਰਦਾਸ ਮਾਨ ਨੇ ਸਿੱਖ ਜਥੇਬੰਦੀਆਂ ਤੋਂ ਮੁਆਫ਼ੀ ਮੰਗ ਲਈ ਹੈ। ਇੱਕ ਚੈਨਲ ਨੂੰ ਦਿੱਤੇ ਇੰਟਰਵਿਊ ਵਿੱਚ ਗੁਰਦਾਸ ਮਾਨ ਨੇ ਕਿਹਾ ਕਿ ਜੇਕਰ ਮੇਰਾ ਬੋਲ ਨਾਲ ਕਿਸੇ ਦੇ ਮੰਨ ਨੂੰ ਠੇਸ ਪਹੁੰਚੀ ਹੋਵੇ ਤਾਂ ਮੈਂ ਕੰਨ ਫੜ੍ਹ ਕੇ ਅਤੇ ਦੋਵੇਂ ਹੱਥ ਜੋੜ ਕੇ ਮੁਆਫ਼ੀ ਮੰਗਦਾ ਹਾਂ। ਇੱਕ ਵਾਰ ਤੁਸੀਂ ਵੀ ਸੁਣੋਂ ਗੁਰਦਾਸ ਮਾਨ ਨੇ ਹੋਰ ਕੀ ਕੁੱਝ ਕਿਹਾ ਗੁਰਦਾਸ ਮਾਨ ਦੋ ਵਾਰ ਵਿਵਾਦਤਾਂ ਵਿੱਚ ਆਏ ਸਨ। ਇੱਕ ਵਾਰ ਵਿਦੇਸ਼ ਦੌਰੇ ਦੌਰਾਨ ਮਾਨ ਨੇ ਸ਼ੌਅ 'ਚ ਵਿਰੋਧ ਕਰ ਰਹੇ ਕੁੱਝ ਨੌਜਵਾਨਾਂ ਲਈ ਭੱਦੀ ਸ਼ਬਦਾਵਲੀ ਵਰਤੀ ਸੀ। ਇਸ ਤੋਂ ਪਹਿਲਾਂ ਪੰਜਾਬੀ ਮਾਂ ਬੋਲੀ ਨੂੰ ਲੈ ਕੇ ਗੁਰਦਾਸ ਮਾਨ ਨੇ ਕਿਹਾ ਕਿ ਪਹਿਲਾਂ ਹਿੰਦੀ ਫਿਰ ਪੰਜਾਬੀ। ਇਸ



ਤੋਂ ਬਾਅਦ ਗੁਰਦਾਸ ਮਾਨ ਨੇ ਨਕੋਦਰ 'ਚ ਡੇਰਾ ਬਾਬਾ ਮੁਰਾਦ ਸ਼ਾਹ ਮੇਲੇ 'ਚ ਸਟੇਜ 'ਤੇ ਕਿਹਾ ਸੀ ਕਿ ਸਾਈਂ ਲਾਡੀ ਸ਼ਾਹ ਸਿੱਖਾਂ ਦੇ ਤੀਜੇ ਗੁਰੂ ਸ੍ਰੀ ਗੁਰੂ ਅਮਰਦਾਸ ਜੀ ਦੇ ਵੰਸ਼ ਵਿਚੋਂ ਹਨ। ਜਦੋਂ ਇਸ ਦੀ ਵੀਡੀਓ ਵਾਇਰਲ ਹੋਈ ਤਾਂ ਸਿੱਖ ਜਥੇਬੰਦੀਆਂ ਭੜਕ ਗਈਆਂ। ਉਨ੍ਹਾਂ ਨਕੋਦਰ ਥਾਣੇ ਅਤੇ ਜਲੰਧਰ ਦਿਹਾਤੀ ਦੇ ਐਸਐਸਪੀ ਦਫ਼ਤਰ ਅੱਗੇ 3 ਦਿਨ ਤੱਕ ਧਰਨਾ ਦਿੱਤਾ। ਮਾਮਲਾ ਦਰਜ ਨਾ ਹੋਣ 'ਤੇ ਜਥੇਬੰਦੀਆਂ ਨੇ ਹਾਈਵੇਅ ਜਾਮ ਕਰ ਦਿੱਤਾ। ਪੁਲਿਸ ਨੇ ਮਾਨ ਖਿਲਾਫ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਮਾਮਲਾ ਦਰਜ ਕੀਤਾ ਹੈ। ਵਿਵਾਦ ਤੋਂ ਬਾਅਦ ਮਾਨ ਨੇ ਵੀਡੀਓ ਜਾਰੀ ਕਰਕੇ ਮੁਆਫੀ ਵੀ ਮੰਗੀ ਸੀ। ਫੇਸਬੁੱਕ 'ਤੇ ਸ਼ੇਅਰ ਕੀਤੀ ਗਈ ਇਕ ਵੀਡੀਓ ਵਿਚ ਗੁਰਦਾਸ ਮਾਨ ਨੇ ਕਿਹਾ, 'ਮੇਰਾ ਮਕਸਦ ਕਿਸੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਨਹੀਂ ਸੀ, ਜੇਕਰ ਫਿਰ ਵੀ ਅਜਿਹਾ ਹੋਇਆ ਤਾਂ ਮੈਂ ਮੁਆਫੀ ਮੰਗਦਾ ਹਾਂ। ਗੁਰੂ ਸਾਹਿਬਾਨਾਂ ਨਾਲ ਕਿਸੇ ਦੀ ਵੀ ਤੁਲਨਾ ਨਹੀਂ ਹੋ ਸਕਦੀ। ਮੈਂ ਇਹ ਜ਼ਰੂਰ ਕਿਹਾ ਸੀ ਕਿ ਤੀਜੇ ਗੁਰੂ ਸ੍ਰੀ ਗੁਰੂ ਅਮਰਦਾਸ ਜੀ ਭੱਲਾ ਪਰਿਵਾਰ ਵਿਚੋਂ ਸਨ ਤੇ ਮੁਰਾਦ ਸ਼ਾਹ ਵੀ ਨਕੋਦਰ ਵਿਖੇ ਭੱਲਾ ਪਰਿਵਾਰ ਵਿੱਚ ਪੈਦਾ ਹੋਏ ਸਨ। ਮੈਂ ਗੁਰੂ ਸਾਹਿਬਾਨ ਦੇ ਅਪਮਾਨ ਬਾਰੇ ਸੋਚ ਵੀ ਨਹੀਂ ਸਕਦਾ'।

## ਭੁੱਖਮਰੀ ਦੂਰ ਕਰਨ ਲਈ ਮਾਰੇ ਜਾਣਗੇ 200 ਹਾਥੀ



**ਹਰਾਰੇ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਫਰੀਕੀ ਦੇਸ਼ ਜ਼ਿੰਬਾਬਵੇ ਦੇ ਅਧਿਕਾਰੀਆਂ ਨੇ ਆਪਣੇ ਭੁੱਖੇ ਲੋਕਾਂ ਨੂੰ ਭੋਜਨ ਮੁਹੱਈਆ ਕਰਵਾਉਣ ਲਈ ਹਾਥੀਆਂ ਨੂੰ ਮਾਰਨ ਦਾ ਫ਼ੈਸਲਾ ਕੀਤਾ ਹੈ। ਜੰਗਲਾਤ ਅਧਿਕਾਰੀਆਂ ਨੇ 200 ਹਾਥੀਆਂ ਨੂੰ ਕਤਲ ਕਰਨ ਅਤੇ ਉਨ੍ਹਾਂ ਦਾ ਮਾਸ ਲੋਕਾਂ ਵਿੱਚ ਵੰਡਣ ਦੀ ਇਜਾਜ਼ਤ ਦੇ ਦਿੱਤੀ ਹੈ। ਇਸ ਫ਼ੈਸਲੇ ਬਾਰੇ ਜਾਣਕਾਰੀ ਦਿੰਦੇ ਹੋਏ, ਜ਼ਿੰਬਾਬਵੇ ਪਾਰਕਸ ਅਤੇ ਜੰਗਲੀ ਜੀਵ ਅਥਾਰਟੀ ਦੇ ਬੁਲਾਰੇ ਤਿਨਾਸ਼ੇ ਫਰਾਵੋ ਨੇ ਸੀ.ਐਨ.ਐਨ ਨੂੰ ਦੱਸਿਆ ਕਿ ਦੇਸ਼ ਦੀ ਲਗਭਗ ਅੱਧੀ ਆਬਾਦੀ ਗੰਭੀਰ ਭੁੱਖਮਰੀ ਦੇ ਖ਼ਤਰੇ ਦਾ ਸਾਹਮਣਾ ਕਰ ਰਹੀ ਹੈ। ਅਸੀਂ 200 ਹਾਥੀਆਂ ਨੂੰ ਮਾਰਨ ਦਾ ਫ਼ੈਸਲਾ ਕੀਤਾ ਹੈ। ਫਰਾਵੋ ਨੇ ਕਿਹਾ ਕਿ ਜ਼ਿੰਬਾਬਵੇ ਵਿੱਚ ਹਾਥੀਆਂ ਦੀ ਆਬਾਦੀ 84,000 ਤੋਂ ਵੱਧ ਹੈ। ਇਹ ਬੋਤਸਵਾਨਾ ਤੋਂ ਬਾਅਦ ਵਿਸ਼ਵ ਪੱਧਰ 'ਤੇ ਦੂਜੀ ਸਭ ਤੋਂ ਉੱਚੀ ਸੰਖਿਆ ਹੈ। ਅਸੀਂ ਲੋਕਾਂ ਦੀ ਜਾਨ ਬਚਾਉਣ ਲਈ ਹਾਥੀਆਂ ਨੂੰ ਮਾਰ ਰਹੇ ਹਾਂ। ਚਾਰ ਦਹਾਕਿਆਂ ਵਿੱਚ ਦੇਸ਼ ਦੇ ਸਭ ਤੋਂ ਭਿਆਨਕ ਸੋਕੇ ਕਾਰਨ ਪੈਦਾ ਹੋਈ ਭੋਜਨ ਅਸੁਰੱਖਿਆ ਨਾਲ ਨਜਿੱਠਣ ਲਈ ਅਧਿਕਾਰੀਆਂ ਨੇ ਜੰਗਲੀ ਜੀਵਾਂ ਨੂੰ ਮਾਰਨ ਦਾ ਫ਼ੈਸਲਾ ਕੀਤਾ ਹੈ। ਹਾਲਾਂਕਿ, ਇਸਦੇ ਲਈ ਸਰਕਾਰ ਨੂੰ ਜਾਨਵਰਾਂ ਦੇ ਅਧਿਕਾਰਾਂ ਦੇ ਕਾਰਕੁਨਾਂ ਅਤੇ ਸੰਭਾਲਵਾਦੀਆਂ ਦੀ ਆਲੋਚਨਾ ਦਾ ਸਾਹਮਣਾ ਕਰਨਾ ਪਿਆ ਹੈ। ਜ਼ਿੰਬਾਬਵੇ ਦੇ ਵਾਤਾਵਰਣ ਮੰਤਰੀ ਸਿਥੇਮਬੀਸੋ ਨਯੋਨੀ ਨੇ ਹਾਲ ਹੀ ਵਿੱਚ ਕਿਹਾ ਸੀ ਕਿ ਉਨ੍ਹਾਂ ਦੇ ਦੇਸ਼ ਵਿੱਚ ਬਹੁਤ ਜ਼ਿਆਦਾ ਹਾਥੀ ਹਨ। ਜੰਗਲਾਂ ਵਿੱਚ ਇਨ੍ਹਾਂ ਦੀ ਸਾਂਭ-ਸੰਭਾਲ ਕਰਨ ਦੀ ਸਮਰੱਥਾ ਨਹੀਂ ਹੈ। ਹਾਥੀਆਂ ਦੀ ਜ਼ਿਆਦਾ ਆਬਾਦੀ ਸਰੋਤਾਂ ਦੀ ਕਮੀ ਅਤੇ ਮਨੁੱਖੀ-ਜੰਗਲੀ ਜੀਵ ਸੰਘਰਸ਼ ਨੂੰ ਵਧਾ ਰਹੀ ਹੈ। ਇਸ ਦੇ ਮੱਦੇਨਜ਼ਰ ਜ਼ਿੰਬਾਬਵੇ ਵੀ ਨਾਮੀਬੀਆ ਵਾਂਗ ਹਾਥੀਆਂ ਦੀ ਗਿਣਤੀ ਕਰਨ ਅਤੇ ਪ੍ਰੋਟੀਨ ਦੀ ਘਾਟ ਵਾਲੇ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਵਿੱਚ ਉਨ੍ਹਾਂ ਦਾ ਮਾਸ ਵੰਡਣ ਦੀ ਯੋਜਨਾ 'ਤੇ ਕੰਮ ਕਰੇਗਾ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਣ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ

Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757

We Accept Online & Card Payment

## ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

Love Maa Boli Punjabi

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote






KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।



www.khalsaforge.com

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

## 07715128621





## • ਪੁਰਜ਼ੋਰ ਅਪੀਲ •

ਦੇਸ਼ ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਰਤੀ ਹਕੂਮਤ ਦੇ ਹੁਕਮਾਂ ਤੇ ਸਿੱਖਾਂ ਦੇ ਪਾਵਨ ਪਵਿੱਤਰ ਅਸਥਾਨ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਤੇ ਧਾੜਵੀ ਬਣਕੇ ਆਕੇ ਟੈਂਕਾਂ ਤੋਪਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਦੀ ਡਿੱਗੀ ਪੱਗ ਸਿਰ ਤੇ ਰੱਖਣ ਵਾਲੇ ਸੂਰਬੀਰ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੀ 32ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ 9 ਅਕਤੂਬਰ 2024 ਨੂੰ ਮਨਾਈ ਜਾ ਰਹੀ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਚੋਂ ਸਮਾਂ ਕੱਢ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਬੇਨਤੀ ਕਰਤਾ :-

**ਭਾਈ ਭੁਪਿੰਦਰ ਸਿੰਘ ਗੱਦਲੀ**

**(ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ)**



# ਗੁਰਦੁਆਰਾ ਸ਼ਹੀਦਾਂ, ਜੱਸੋਵਾਲ (ਬੱਬਰਾਂ ਦਾ ਹਾਈਕੋਰਟ) ਵਿਖੇ ਸਲਾਨਾ ਜੋੜ ਮੇਲਾ 3 ਨਵੰਬਰ, 2024 ਦਿਨ ਐਤਵਾਰ ਨੂੰ

ਗੁਰਦੁਆਰਾ ਸ਼ਹੀਦਾਂ ਜਸੋਵਾਲ ਬੱਬਰਾਂ ਦੇ ਹਾਈ ਕੋਰਟ ਜਥੇਦਾਰ ਬਾਬਾ ਲਾਭ ਸਿੰਘ ਜੀ ਬੱਬਰ ਜਿਨ੍ਹਾਂ ਨੇ 20 ਸਾਲ ਕਾਲੇ ਪਾਣੀਆਂ ਦੀ ਸਜ਼ਾ ਕੱਟੀ ਅੰਗਰੇਜ਼ਾਂ ਦੇ ਟਾਈਮ ਵਿੱਚ ਇੱਥੇ ਬੱਬਰਾਂ ਨੇ ਪ੍ਰੈਸ ਅਖਬਾਰ ਚਲਾਇਆ ਹੋਇਆ ਸੀ ਇੱਥੋਂ ਬੱਬਰ ਹੁਕਮਨਾਮੇ ਜਾਰੀ ਕਰਦੇ ਸਨ ਜੋ ਦੇਸ਼ ਪੰਥ ਨਾਲ ਗਦਾਰੀ ਕਰਦਾ ਹੈ ਅੰਗਰੇਜ਼ਾਂ ਦੇ ਝੋਲੀ ਚੁੱਕ ਸਨ ਉਸ ਨੂੰ ਚਾਟਾ ਛਕਾਇਆ ਜਾਵੇ ਜਿਹੜਾ ਪੰਥ ਕੋਲੋਂ ਮਾਫੀ ਮੰਗ ਲੈਂਦਾ ਸੀ ਉਸ ਨੂੰ ਭੁੱਲ ਬਖਸ਼ਾਉਣ ਦਾ ਮੌਕਾ ਵੀ ਦਿੱਤਾ ਜਾਂਦਾ ਸੀ। ਜਿਸ ਜਗ੍ਹਾ ਦੇ ਉੱਪਰ ਗੁਰਦੁਆਰਾ ਸ਼ਹੀਦਾਂ ਦੀ ਸੇਵਾ ਚੱਲ ਰਹੀ ਹੈ ਇੱਥੇ ਹੀ ਬੱਬਰਾਂ ਦਾ ਹਾਈ ਕੋਰਟ ਤੇ ਪ੍ਰੈਸ ਅਖਬਾਰ ਚਲਦੀ ਸੀ ਮੇਰੀ ਸੱਸ ਮਾਂ ਮਾਤਾ ਸਵਰਨ ਕੌਰ ਨੇ ਬਹੁਤ ਲੰਮਾ ਸਮਾਂ ਇੱਥੇ ਸੇਵਾ ਕੀਤੀ ਇਸ ਸਥਾਨ ਨੂੰ ਚਲਾਉਣ ਵਾਸਤੇ ਬਹੁਤ ਵੱਡਾ ਸਹਿਯੋਗ ਦਿੱਤਾ ਮਾਤਾ ਸਵਰਨ ਕੌਰ ਦੇ ਸਮੁੱਚੇ ਪਰਿਵਾਰ ਨੇ ਬਹੁਤ ਵੱਡਾ ਸਾਥ ਦਿੱਤਾ। ਵਿਸ਼ੇਸ਼ ਤੌਰ ਤੇ ਬੀਬੀ ਗੁਰਦੇਵ ਕੌਰ ਸਰਦਾਰ ਤਰਸੇਮ ਸਿੰਘ ਕਨੇਡਾ ਨਿਵਾਸੀ ਦੇ ਸਮੁੱਚੇ ਪਰਿਵਾਰ ਨੇ ਬਹੁਤ ਸਹਿਯੋਗ ਦਿੱਤਾ ਅਤੇ ਦੇ ਰਹੇ ਹਨ ਤਿੰਨ ਨਵੰਬਰ ਨੂੰ ਜਥੇਦਾਰ ਬਾਬਾ ਲਾਭ ਸਿੰਘ ਜੀ ਬੱਬਰ ਜਥੇਦਾਰ ਬਾਬਾ ਖੜਕ ਸਿੰਘ ਜੀ ਨਿਹੰਗ ਸਿੰਘ ਮਾਤਾ ਹਰਬੰਸ ਕੌਰ ਜੀ ਸੱਸ ਮਾਂ ਮਾਤਾ ਸਵਰਨ ਕੌਰ ਦੀ ਯਾਦ ਵਿੱਚ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਮਹਾਰਾਜ ਦੇ ਪ੍ਰਕਾਸ਼ ਗੁਰਪੁਰਬ ਤੇ ਧੰਨ ਧੰਨ ਖਾਲਸੇ ਦੀ ਮਾਤਾ ਮਾਤਾ ਸਾਹਿਬ ਕੌਰ ਜੀ ਦੀ ਜਨਮ ਦਿਨ ਨੂੰ ਸਮਰਪਿਤ 28ਵਾਂ ਸਲਾਨਾ ਗੁਰਮਤ ਸਮਾਗਮ 22 ਅਕਤੂਬਰ ਤੋਂ ਲੈ ਕੇ ਤਿੰਨ ਨਵੰਬਰ ਦਿਨ ਐਤਵਾਰ ਨੂੰ ਵਿਸ਼ੇਸ਼ ਵੱਡਾ ਸਮਾਗਮ ਕੀਤਾ ਜਾ ਰਿਹਾ ਹੈ। 13 ਦਿਨ ਚਾਹ ਪਕੌੜਿਆਂ ਦਾ ਤੇ ਗੁਰੂ ਕੇ ਲੰਗਰ ਅਤੁੱਟ ਵਰਤਣਗੇ ਕਈ ਚੈਨਲਾਂ ਉੱਪਰ ਸਿੱਧਾ ਲਾਈਵ ਦਿਖਾਇਆ ਜਾਵੇਗਾ।











ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਗ੍ਰੰਥ ਗੁਰੂ ਪੰਥ ਦਾ ਦਾਸ**

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂ ਵਾਲੇ**

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 450 ਸਾਲਾ ਸ਼ਤਾਬਦੀ ਜੋੜ ਮੇਲਾ ਸ੍ਰੀ ਗੋਇੰਦਵਾਲ ਸਾਹਿਬ ਬਉਲੀ ਸਾਹਿਬ ਜੀ



☛ ਜੋਤੀ ਜੋਤ ਧੰਨ ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ । ☛ ਗੁਰਿਆਈ ਗੱਦੀ ਧੰਨ ਧੰਨ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 21 ਸਤੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 22 ਸਤੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸੁਰਜੀਤ ਸਿੰਘ ਖੰਡੇਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

## ਭਾਰਤ ਅੰਦਰ ਸਿੱਖਾਂ ਨੂੰ 84 ਦਾ ਇਨਸਾਫ ਨਹੀਂ ਮਿਲਿਆ - ਡਰਬੀ ਸਿਟੀ ਕੌਂਸਲ

# ਕੌਂਸਲ 'ਚ ਸੰਨ 1984 ਵਿੱਚ ਭਾਰਤ ਅੰਦਰ ਸਿੱਖਾਂ ਦੀ ਹੋਈ ਨਸਲਕੁਸ਼ੀ ਸਬੰਧੀ ਇਤਿਹਾਸਕ ਮਤਾ ਪਾਸ



**ਡਰਬੀ, 20 ਸਤੰਬਰ (ਸਰਬਜੀਤ ਸਿੰਘ ਬਨੂੜ)**- ਇੰਗਲੈਂਡ ਵਿੱਚ ਡਰਬੀ ਸਿਟੀ ਕੌਂਸਲ ਵਿੱਚ ਜੂਨ ਤੇ ਨਵੰਬਰ 1984 ਨੂੰ ਭਾਰਤ ਅੰਦਰ ਸਿੱਖਾਂ ਦੀ ਨਸਲਕੁਸ਼ੀ ਸਬੰਧੀ ਇਤਿਹਾਸਕ ਮਤਾ

ਆਵਾਜ਼ਿ ਕੌਮ AWAZE QAUM International Newspaper & WEB TV

ਪਾਸ ਕਰਕੇ ਇਤਿਹਾਸ ਸਿਰਜ ਦਿੱਤਾ ਹੈ। ਡਰਬੀ ਕੌਂਸਲ ਵਿੱਚ ਹੋਈ ਮੀਟਿੰਗ ਵਿੱਚ ਮਤੇ ਤੇ ਬੋਲਦਿਆਂ ਕੌਂਸਲਰਾਂ ਨੇ ਕਿਹਾ ਕਿ ਭਾਰਤ ਅੰਦਰ ਸਿੱਖਾਂ ਨੂੰ 84 ਦਾ ਇਨਸਾਫ ਨਹੀਂ ਮਿਲਿਆ। 4 ਕਮਿਸ਼ਨ, 9 ਕਮੇਟੀਆਂ ਅਤੇ 2 ਐਸ.ਆਈ.ਟੀਜ਼ ਬਾਅਦ ਵਿੱਚ - ਸਿੱਖ ਅਜੇ ਵੀ ਅਕਤੂਬਰ/ਨਵੰਬਰ 1984 ਦੌਰਾਨ ਭਾਰਤ ਵਿੱਚ ਸਿੱਖਾਂ ਦੇ ਕਤਲੇਆਮ ਦੇ ਪੀੜਤਾਂ ਲਈ ਇਨਸਾਫ਼ ਦੀ ਮੰਗ ਕਰ ਰਹੇ ਹਨ। ਚਾਲੀ ਸਾਲ ਪਹਿਲਾਂ ਵਾਪਰੇ ਸਿੱਖ ਕਤਲੇਆਮ ਵਿੱਚ ਲੱਖਾਂ ਪੌਂਡ ਦੇ ਸਿੱਖ ਕਾਰੋਬਾਰ, ਘਰ ਅਤੇ ਧਾਰਮਿਕ ਸਥਾਨ ਤਬਾਹ ਹੋ ਗਏ ਸਨ। ਅਣਗਿਣਤ ਔਰਤਾਂ ਨਾਲ ਬਲਾਤਕਾਰ ਕੀਤਾ ਗਿਆ ਅਤੇ ਬੱਚਿਆਂ ਨੂੰ ਮਾਰਿਆ ਗਿਆ, ਜਿਹੜੇ ਬਚ ਗਏ ਉਹ ਅਜ ਵੀ ਸਦਮੇ ਵਿੱਚ ਰਹਿੰਦੇ ਹਨ। ਕੌਂਸਲਰ ਅਜੀਤ ਸਿੰਘ ਅਟਵਾਲ ਵੱਲੋਂ ਪੇਸ਼ ਕੀਤੇ ਗਏ ਮਤੇ ਦੀ ਰਿਫੋਰਮ ਯੂ ਕੇ ਪਾਰਟੀ ਦੇ ਐਲਨ ਗਰੇਵਸ ਅਤੇ ਲੇਬਰ ਪਾਰਟੀ ਦੇ ਬਲਬੀਰ ਸਿੰਘ ਸੰਧੂ, ਗੁਰਕਿਰਨ ਕੌਰ ਅਤੇ ਹਰਦਿਆਲ ਸਿੰਘ ਢੀਂਡਸਾ ਵੱਲੋਂ ਤਾਈਦ ਕੀਤੀ ਗਈ। ਬੀਬੀ ਗੁਰਕਿਰਨ ਕੌਰ ਵੱਲੋਂ ਇਸ ਮਤੇ ਵਿੱਚ ਜੂਨ 1984 ਵਿੱਚ ਭਾਰਤ ਸਰਕਾਰ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਉੱਤੇ ਹੋਏ ਹਮਲੇ ਨੂੰ ਵੀ ਸਿੱਖਾਂ ਉੱਤੇ ਹਮਲੇ ਵਜੋਂ ਦਰਜ ਕਰਾਇਆ ਗਿਆ। ਕੌਂਸਲਰਾਂ ਨੇ ਕਿਹਾ ਕਿ ਭਾਰਤ ਸਰਕਾਰ ਦੇ ਪ੍ਰਮੁੱਖ ਮੈਂਬਰਾਂ ਵੱਲੋਂ ਕੀਤੀ ਗਈ ਸਵੀਕਾਰਤਾ ਦਾ ਸੁਆਗਤ ਕਰਦੇ ਹਾਂ ਕਿ ਹਿੰਸਾ ਪਹਿਲਾਂ ਤੋਂ ਯੋਜਨਾਬੱਧ ਸੀ ਅਤੇ ਉਹਨਾਂ ਨੇ ਪ੍ਰਮੁੱਖ ਦੋਸ਼ੀਆਂ ਦੇ ਖਿਲਾਫ ਕੁਝ ਕੇਸ ਦੁਬਾਰਾ ਖੋਲ੍ਹੇ ਸਨ ਪਰ ਹੋਰ ਵੀ ਬਹੁਤ ਕੁਝ ਕਰਨ ਦੀ ਲੋੜ ਹੈ ਜਿਵੇਂ ਕਿ ਢਹਿ-ਢੇਰੀ ਹੋਏ ਗੁਰਦੁਆਰਾ ਸਾਹਿਬ ਦੀ ਬਹਾਲੀ, ਇੱਕ ਸੱਚੇ ਕਮਿਸ਼ਨ ਦੀ ਸਥਾਪਨਾ ਅਤੇ ਦੋਸ਼ੀਆਂ, ਪੁਲਿਸ ਅਧਿਕਾਰੀ ਜੋ ਸ਼ਾਮਿਲ ਸਨ ਵਿਰੁੱਧ ਕਾਰਵਾਈ ਕਰਨ ਤੇ 1984 ਦੇ ਨਸਲਕੁਸ਼ੀ ਕਾਰਨ ਸਿੱਖਾਂ ਦੁਆਰਾ ਮਹਿਸੂਸ ਕੀਤੇ ਜਾ ਰਹੇ ਦਰਦ ਨੂੰ ਮਲਮ ਲਾਉਣ ਦੀ ਕੋਸ਼ਿਸ਼ ਕੀਤੀ ਗਈ।

ਡਰਬੀ ਸਿਟੀ ਕੌਂਸਲ ਆਉਣ ਵਾਲੇ ਭਵਿੱਖ ਵਿੱਚ ਇਨਸਾਫ਼, ਅਧਿਕਾਰਾਂ ਅਤੇ ਆਜ਼ਾਦੀ ਲਈ ਸਿੱਖ ਮੁਹਿੰਮਾਂ ਦਾ ਸਮਰਥਨ ਕਰੇਗੀ। ਇਸ ਮਹੱਤਵਪੂਰਨ ਮਤੇ ਨੂੰ ਪਾਸ ਕਰਾਉਣ ਲਈ ਗੁਰਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਡਰਬੀ ਦੇ ਮੁੱਖ ਸੇਵਾਦਾਰ ਭਾਈ ਰਾਜਿੰਦਰ ਸਿੰਘ ਪੁਰੇਵਾਲ ਦਾ ਅਹਿਮ ਅਤੇ ਸਲਾਹੁਣਯੋਗ ਰੋਲ ਹੈ। ਉਨ੍ਹਾਂ ਨੇ ਡਰਬੀ ਦੀਆਂ ਸਿੱਖ ਸੰਗਤਾਂ ਦੀ ਨੁਮਾਇੰਦਗੀ ਕਰਦਿਆ ਡਰਬੀ ਦੇ ਕੌਂਸਲਰਾ ਨਾਲ ਸੰਪਰਕ ਕਰਕੇ ਉਹਨਾਂ ਨੂੰ ਇਸ ਮਤੇ ਨੂੰ ਪਾਸ ਕਰਾਉਣ ਲਈ ਪ੍ਰੇਰਿਤ ਕੀਤਾ। ਜਿਕਰਯੋਗ ਹੈ ਕਿ ਸਲੋਹ ਬਾਰੋ ਕੌਂਸਲ ਵਿੱਚ ਵੀ ਸਥਾਨਕ 7 ਅਜ਼ਾਦ ਕੌਂਸਲਰਾਂ ਵੱਲੋਂ ਸਿੱਖ ਨਸਲਕੁਸੀ ਸੰਬੰਧੀ ਮਤਾ ਲਿਆਂਦਾ ਗਿਆ ਸੀ ਪਰ ਉਹ ਵੀ ਕੋਈ ਬਹਿਸ ਤੋਂ ਬਗੈਰ ਸਥਾਨਕ ਭਾਰਤੀ ਲੋਕਾਂ ਦੇ ਵਿਰੋਧ ਕਰਨ ਸੱਤਾਧਾਰੀ ਧਿਰ ਵੱਲੋਂ ਰੱਦ ਹੋ ਗਿਆ ਸੀ ਜਿਸ ਵਿੱਚ ਵੱਖ ਵੱਖ ਪਾਰਟੀਆਂ ਨੇ ਇਸ ਮਤੇ ਤੋਂ ਆਪਣੀ ਦੂਰੀ ਬਣਾ ਲਈ ਸੀ ਜਿਸ ਕਾਰਨ ਸ਼ਹਿਰ ਵਿੱਚ ਕਾਫੀ ਤਣਾਅ ਬਣ ਗਿਆ। ਸਿੱਖ ਫੈਡਰੇਸਨ ਦੇ ਸੀਨੀਅਰ ਆਗੂ ਕੁਲਵੰਤ ਸਿੰਘ ਮੁਠੱਡਾ, ਸ ਬਲਵਿੰਦਰ ਸਿੰਘ ਢਿੱਲੋਂ, ਐਫ਼ ਐਸ ਓ ਦੇ ਕੋਆਡੀਨੇਟਰ ਭਾਈ ਜੋਗਾ ਸਿੰਘ, ਸ ਤਰਸੇਮ ਸਿੰਘ ਦਿਉਲ ਨੇ ਸਿੱਖ ਨਸਲਕੁਸੀ ਸੰਬੰਧਈ ਮਤਾ ਪਾਸ ਕਰਨ ਲਈ ਡਰਬੀ ਸਿਟੀ ਕੌਂਸਲਰਾਂ ਤੇ ਭਾਈ ਰਜਿੰਦਰ ਸਿੰਘ ਪੁਰੇਵਾਲ ਵੱਲੋਂ ਨਿਭਾਈ ਭੂਮਿਕਾ ਦੀ ਸ਼ਲਾਘਾ ਕੀਤੀ ਗਈ।

### ਭਾਈ ਰਾਜਿੰਦਰ ਸਿੰਘ ਪੁਰੇਵਾਲ ਵੱਲੋਂ ਮਤਾ ਪਾਸ ਕਰਾਉਣ ਲਈ ਕੀਤੇ ਯਤਨ ਸਲਾਹੁਣਯੋਗ

## ਵਰਲਡ ਸਿੱਖ ਪਾਰਲੀਮੈਂਟ ਵੱਲੋਂ

# 1984 ਸਿੱਖ ਨਸਲਕੁਸ਼ੀ ਨੂੰ ਮਾਨਤਾ ਦੇਣ ਲਈ ਡਰਬੀ ਸਿਟੀ ਕੌਂਸਲ ਦੀ ਕੀਤੀ ਸ਼ਲਾਘਾ

**ਡਰਬੀ (ਯੂ ਕੇ), 20 ਸਤੰਬਰ (ਸਰਬਜੀਤ ਸਿੰਘ ਬਨੂੜ)**-ਵਰਲਡ ਸਿੱਖ ਪਾਰਲੀਮੈਂਟ ਅਕਤੂਬਰ ਅਤੇ ਨਵੰਬਰ 1984 ਵਿੱਚ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਤਲ ਉਪਰੰਤ ਦਿੱਲੀ ਵਿੱਚ ਸਿੱਖਾਂ ਦੇ ਹੋਏ ਕਤਲੇਆਮ ਨੂੰ ਸਿੱਖ ਕੌਮ ਦੀ ਨਸਲਕੁਸ਼ੀ ਵਜੋਂ ਸਵੀਕਾਰ ਕਰਨ ਲਈ ਲਈ ਡਰਬੀ ਸਿਟੀ ਕੌਂਸਲ ਦਾ ਤਹਿ ਦਿਲੋਂ ਧੰਨਵਾਦ ਕਰਦੀ ਹੈ। ਵਰਲਡ ਸਿੱਖ ਪਾਰਲੀਮੈਂਟ ਦੇ ਜਨਰਲ ਸਕੱਤਰ, ਮਨਪ੍ਰੀਤ ਸਿੰਘ, ਨੇ ਕਿਹਾ ਕਿ ਡਰਬੀ ਸਿਟੀ ਕੌਂਸਲ ਵੱਲੋਂ ਚੁੱਕਿਆ ਗਿਆ ਇਹ ਬਹਾਦਰੀ ਅਤੇ ਹਮਦਰਦੀ ਭਰਿਆ ਮਹੱਤਵਪੂਰਨ ਕਦਮ ਭਾਰਤ ਵਿੱਚ ਅਕਤੂਬਰ ਅਤੇ ਨਵੰਬਰ 1984 ਦੌਰਾਨ ਸਿੱਖਾਂ ਉੱਤੇ ਹੋਏ ਅੱਤਿਆਚਾਰਾਂ ਦਾ ਇੱਕ ਯਾਦਗਾਰੀ ਪ੍ਰਮਾਣ ਹੈ। ਇਹ ਮਾਨਤਾ ਸਿੱਖਾਂ ਦੀ ਨਿਆਂ ਪ੍ਰਾਪਤੀ ਦੀ ਮੁਹਿੰਮ ਵਿੱਚ ਅਤੇ ਭਾਰਤ ਸਰਕਾਰ ਨੂੰ ਇਸ ਨਸਲਕੁਸ਼ੀ ਦਾ ਦੋਸ਼ੀ ਗਰਦਾਨਣ ਅਤੇ ਇਸ ਨਸਲਕੁਸ਼ੀ ਪ੍ਰਤੀ ਉਨਾਂ ਦੀ ਜਵਾਬਦੇਹੀ ਦੀ ਲੋੜ ਬਾਰੇ ਜਾਗਰੂਕਤਾ ਪੈਦਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਡਰਬੀ ਸਿਟੀ ਕੌਂਸਲ ਵੱਲੋਂ ਪਾਸ ਕੀਤੇ ਇਸ ਇਤਿਹਾਸਕ ਮਤੇ ਤੋਂ ਪਹਿਲਾਂ ਵੀ ਵਿਦੇਸ਼ ਵਸਦੇ ਸਿੱਖਾਂ ਵੱਲੋਂ ਵੱਖ ਵੱਖ ਦੇਸ਼ਾ ਵਿੱਚ ਸਿੱਖ ਨਸਲਕੁਸ਼ੀ ਦੇ ਤੱਥ ਨੂੰ ਮਾਨਤਾ ਦਿੰਦੇ ਮਤੇ ਪਾਸ ਕਰਵਾਏ ਗਏ ਹਨ ਜਿਨ੍ਹਾਂ ਵਿੱਚ ਕਨੈਟੀਕਟ (ਅਮਰੀਕਾ), ਕੈਲੀਫੋਰਨੀਆ (ਅਮਰੀਕਾ), ਪੈਨਸਲਵੀਨੀਆ (ਅਮਰੀਕਾ) ਅਤੇ ਆਨਟੇਰੀਓ (ਕਨੇਡਾ) ਆਦਿ ਮੁੱਖ ਰੂਪ ਵਿੱਚ ਸ਼ਾਮਲ ਹਨ। ਵਰਲਡ ਸਿੱਖ ਪਾਰਲੀਮੈਂਟ ਦੁਨੀਆ ਭਰ ਵਿੱਚ ਵਸਦੇ ਸਿੱਖਾਂ ਨੂੰ ਬੇਨਤੀ ਕਰਦੀ ਹੈ ਕਿ ਉਹ ਆਪੋ ਆਪਣੇ ਦੇਸ਼ਾਂ ਵਿੱਚ ਸਥਾਨਕ ਕੌਂਸਲਾਂ ਅਤੇ ਸਰਕਾਰਾਂ ਨੂੰ 1984 ਸਿੱਖ ਨਸਲਕੁਸ਼ੀ ਨੂੰ ਮਾਨਤਾ ਦਵਾਉਣ ਲਈ ਯਤਨ ਕਰਨ। ਸਿੱਖ ਕੌਮ ਦੀ ਇਨਸਾਫ ਪ੍ਰਾਪਤੀ ਦੀ ਮੁਹਿੰਮ ਵਿੱਚ ਇਹ ਮਤੇ ਭਾਰਤ ਸਰਕਾਰ ਨੂੰ ਦੋਸ਼ੀ ਬਣਾਉਂਦੇ ਹਨ ਅਤੇ ਭਾਰਤੀ ਰਾਜਤੰਤਰ ਦਾ ਕਰੂਰ ਨਸਲਘਾਤੀ ਚਿਹਰਾ ਨੰਗਾ ਕਰਦੇ ਹਨ। ਅੱਜ ਦੇ ਦੁਨੀਆਂ ਦੇ ਹਾਲਾਤਾਂ ਵਿੱਚ ਅਜਿਹਾ ਕਰਨਾ ਹੋਰ ਵੀ ਲਾਜ਼ਮੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਕੂੜ ਨਿਖੁਟੇ ਨਾਨਕਾ...



ਚੜ੍ਹੀ 'ਪਾਪ ਕੀ ਜੰਞ' ਵੇਖ ਕੇ ਜਾਵੀਂ ਨਾ ਘਬਰਾਅ।
ਜੇਰਾ ਰੱਖੀਂ ਬਹੁਤ ਆਉਣਗੇ ਅਜੇ ਉਤਾਰ-ਚੜ੍ਹਾਅ।

ਚੇਤੇ ਰੱਖੀਂ ਜਦ ਕਿਧਰੇ ਵੀ ਬਦੀ ਤੇ ਨੇਕੀ ਅੜੀਆਂ।
ਮਹਿਲ-ਮੁਨਾਰੇ ਬੇਈਮਾਨਾਂ ਦੇ ਢਾਹੁੰਦੀਆਂ ਕੱਚੀਆਂ ਗੜ੍ਹੀਆਂ।

ਜਦੋਂ ਮਾਰਦਾ ਸੱਚ ਨਾਗਣੀ, ਹਾਥੀ ਡਿੱਗਣ ਭੁੰਜੇ।
ਵਿੱਚ ਹਵਾ ਦੇ ਬਾਜੀਆਂ ਪਾਉਂਦੇ, ਝੂਠ ਨੂੰ ਲਾਉਂਦਾ ਖੂੰਜੇ।

ਜਦੋਂ ਕਿਤੇ ਵੀ ਚੰਗਿਆਈ 'ਤੇ ਹਾਵੀ ਹੋਇਆ ਮੰਦਾ।
ਨਾਲ਼ 'ਇੱਟ ਦੇ ਇੱਟ ਖੜਕਾਉਂਦਾ' ਕੋਈ ਬਹਾਦਰ ਬੰਦਾ।

ਪਿੰਡ ਘੜਾਮੇਂ ਵਾਲ਼ਿਆ ਆਪੇ ਹੋਵੇ ਸਭ ਸਹੀ।
'ਕੂੜ ਨਿਖੁਟੇ ਨਾਨਕਾ ਓੜਕਿ ਸਚਿ ਰਹੀ॥'

-ਰੋਮੀ ਘੜਾਮਾਂ, 9855281105

## ਸਪੋਟ ਬਿਲਿੰਗ ਮੁਲਾਜ਼ਮਾ ਨੂੰ ਸਰਕਾਰ ਕਰੇ ਮਹਿਕਮੇ ਅਧੀਨ : ਗਗਨਦੀਪ ਸਿੰਘ



**ਚੌਕ ਮਹਿਤਾ, 20 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਪੋਟ ਬਿਲਿੰਗ ਯੂਨੀਅਨ ਨੇ ਮੀਟਰ ਰੀਡਰਾ ਦੀਆ ਮੰਗਾਂ ਸਬੰਧੀ ਬਿਜਲੀ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਜੀ ਨਾਲ ਮੀਟਿੰਗ ਕੀਤੀ ਗਈ। ਜਿਸ ਵਿੱਚ ਸਪੋਟ ਬਿਲਿੰਗ ਯੂਨੀਅਨ ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਨੇ ਬਿਜਲੀ ਮੰਤਰੀ ਜੀ ਨੂੰ ਦੱਸਿਆ ਗਿਆ ਕਿ ਉਹਨਾਂ ਨੂੰ ਇਸ ਸਮੇਂ ਬਹੁਤ ਮੁਸ਼ਿਕਲਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੰਪਨੀਆਂ ਵੱਲੋਂ ਬਹੁਤ ਹੀ ਘੱਟ ਤਨਖਾਹ ਦੇ ਕੇ ਕੰਮ ਕਰਵਾਇਆ ਜਾ ਰਿਹਾ ਹੈ ਅਸੀ ਪਿਛਲੇ 10-12 ਸਾਲਾਂ ਤੋਂ ਨਿਗੁਣੀਆਂ ਤਨਖਾਹਾਂ ਵਿੱਚ ਮੀਟਰ ਰੀਡਿੰਗ ਦਾ ਕੰਮ ਕਰ ਰਹੇ ਹਾਂ। ਅਜੋਕੇ ਮਹਿੰਗਾਈ ਵਾਲੇ ਸਮੇਂ ਵਿੱਚ 8-10 ਹਜ਼ਾਰ ਵਿੱਚ ਗੁਜ਼ਾਰਾ ਕਰਨਾ ਬਹੁਤ ਮੁਸ਼ਿਕਲ ਹੈ।ਸਪੋਟ ਬਿਲਿੰਗ ਯੂਨੀਅਨ ਵੱਲੋਂ ਬਿਜਲੀ ਮੰਤਰੀ ਅੱਗੇ ਇਹ ਮੰਗ ਰੱਖੀ ਗਈ ਕਿ ਸਰਕਾਰ ਕੰਪਨੀਆਂ ਨੂੰ ਕਹੇ ਕਿ ਹਰੇਕ ਮੀਟਰ ਰੀਡਰ ਨੂੰ 20 ਹਜ਼ਾਰ ਅਤੇ ਸੁਪਰਵਾਈਜ਼ਰ ਨੂੰ 25-30 ਹਜ਼ਾਰ ਤਨਖ਼ਾਹ ਦਵੇ ਤਾਂ ਜੋ ਸਾਡੇ ਮੀਟਰ ਰੀਡਰ, ਸੁਪਰਵਾਈਜ਼ਰ ਆਪਣੇ ਘਰਾਂ ਦਾ ਗੁਜ਼ਾਰਾ ਵਧੀਆ ਤਰੀਕੇ ਨਾਲ ਕਰ ਸਕਣ।ਜੇਕਰ ਕੰਪਨੀ ਤਨਖ਼ਾਹ ਵਿੱਚ ਵਾਧਾ ਨਹੀ ਕਰਦੀ ਤਾਂ ਸਰਕਾਰ ਕੰਪਨੀ ਦਾ ਬਾਈਕਾਟ ਕਰੇ ਅਤੇ ਸਪੋਟ ਬਿਲਿੰਗ ਮੁਲਾਜ਼ਮਾ ਨੂੰ ਬਿਜਲੀ ਬੋਰਡ ਸਿੱਧੇ ਤੌਰ ਤੇ ਮਹਿਕਮੇ ਅਧੀਨ ਕਰ ਕੇ ਬਿਲਿੰਗ ਕਰਵਾਏ। ਇਸ ਮੌਕੇ ਤੇ ਯੂਨੀਅਨ ਆਗੂਆ ਨੇ ਕਿਹਾ ਕਿ ਅਸੀ ਕੋਈ ਹੜਤਾਲ ਵੀ ਨਹੀ ਕਰਦੇ, ਕਿਉ ਕਿ ਬਿਲਿੰਗ ਬੰਦ ਹੋਣ ਨਾਲ ਸਰਕਾਰ ਅਤੇ ਮਹਿਕਮੇ ਨੂੰ ਬਹੁਤ ਨੁਕਸਾਨ ਹੋਵੇਗਾ। ਅਸੀ ਹਰ ਪੱਖੋ ਮਹਿਕਮੇ ਅਤੇ ਸਰਕਾਰ ਦਾ ਫਾਇਦਾ ਹੀ ਕਰਵਾ ਰਹੇ ਹਾਂ।ਜੇਕਰ ਸਾਨੂੰ ਮਹਿਕਮੇ ਅਧੀਨ ਕੀਤਾ ਜਾਵੇ ਤਾ ਅਸੀ ਮਹਿਕਮੇ ਨੂੰ ਬਹੁਤ ਜਿਆਦਾ ਰੈਵੀਨਿਊ ਇਕੱਠਾ ਕਰਕੇ ਦੇਵਾਂਗੇ। ਇਸ ਨਾਲ ਬਿਜਲੀ ਚੋਰੀ ਵੀ ਘੱਟ ਜਾਵੇਗੀ। ਇਸ ਮੌਕੇ ਤੇ ਸ੍ਰ ਹਰਭਜਨ ਸਿੰਘ ਈਟੀਓ ਨੇ ਸਪੋਟ ਬਿਲਿੰਗ ਯੂਨੀਅਨ ਦੇ ਸੂਬਾ ਪ੍ਰਧਾਨ ਅਤੇ ਮੀਟਰ ਰੀਡਰਾ ਨੂੰ ਭਰੋਸਾ ਦਵਾਇਆ ਕਿ ਬਹੁਤ ਜਲਦ ਤੁਹਾਡੀ ਮੰਗ ਨੂੰ ਪੂਰਾ ਕਰਾਂਗੇ।ਉਹਨਾ ਨੇ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਤੁਹਾਡੇ ਨਾਲ ਹੈ। ਇਸ ਮੌਕੇ ਤੇ ਯੂਨੀਅਨ ਵੱਲੋਂ ਮੰਤਰੀ ਜੀ ਦਾ ਤਹਿ ਦਿਲੋਂ ਸ਼ੁਕਰਾਨਾ ਕੀਤਾ ਅਤੇ ਉਹਨਾਂ ਨੇ ਕਿਹਾ ਕਿ ਸਾਨੂੰ ਆਸ ਹੈ ਕਿ ਤੁਸੀ ਬਹੁਤ ਜਲਦ ਸਾਨੂੰ ਮਹਿਕਮੇ ਅਧੀਨ ਕਰ ਲਵੋਗੇ ਇਸ ਮੌਕੇ ਤੇ ਸੂਬਾ ਪ੍ਰਧਾਨ ਗਗਨਦੀਪ ਸਿੰਘ ,ਮੀਟਰ ਰੀਡਰ ਲਵਲਦੀਪ ਸਿੰਘ ਟਾਗਰਾਂ, ਗੁਰਪ੍ਰੀਤ ਸਿੰਘ, ਸੁਖਬੀਰ ਸਿੰਘ,ਸੁਖਦੀਪ ਸਿੰਘ ਫਤਿਹਪੁਰ, ਹਰਪ੍ਰੀਤ ਸਿੰਘ ਆਦਿ ਯੂਨੀਅਨ ਆਗੂ ਹਾਜ਼ਰ ਸਨ।

# ਸਿੱਖ, ਪਗੜੀ ਤੇ ਕੜੇ ਬਾਰੇ ਰਾਹੁਲ ਗਾਂਧੀ ਦੀ ਅਗਿਆਨਤਾ ਜਾਂ ਨ਼ਫਰਤ



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

**ਰਾਹੁਲ** ਗਾਂਧੀ ਨੇ ਅਮਰੀਕਾ ਦੌਰੇ ਸਮੇਂ ਸਿੱਖ ਪਗੜੀ ਤੇ ਕੜੇ ਬਾਰੇ ਬੇਹੂਦਾ ਬਿਆਨ ਦੇ ਕੇ , ਸਿਰਫ ਭਾਰਤ ਹੀ ਨਹੀਂ ਸਗੋਂ ਪੂਰੇ ਸੰਸਾਰ ਵਿਚ ਸਿੱਖਾਂ ਦੀ 'ਖਿੱਲੀ' ਉਡਾਈ ਹੈ ।ਭਾਰਤ ਵਿਚਲੇ ਇਸ ਵਿਰੋਧੀ ਧਿਰ ਕਾਂਗਰਸੀ ਨੇਤਾ ਨੇ ਬਦੇਸ਼ ਪਹੁੰਚ ਕੇ ਭਾਰਤੀ ਲੋਕਾ ਨੂੰ ਵੀ ਬਦਨਾਮ ਕੀਤਾ ਹੈ ।ਕੋਈ ਭੀ ਨੇਤਾ ਜਦ ਬਾਹਰਲੇ ਦੇਸ਼ਾਂ ਵਿਚ ਵਿਚਰਦਾ ਹੈ ਤਦ ਉਹ ਦੇਸ਼ ਦੀ ਸਾਂਝੇ ਤੌਰ ਦੀ ਨੁਮਾਇੰਦਗੀ ਪੱਖੋਂ ਜਾਣਿਆ ਜਾਂਦਾ ਹੈ ,ਨਾ ਕਿ ਉਹ ਦੇਸ਼ ਦੀ ਕਿਸੇ ਵੀ ਘੱਟ ਗਿਣਤੀ ਦੇ ਮਾਣ ਮਤੇ ਦਾ ਅਪਮਾਨ ਕਰੇ । ਅਜੀਹਾ ਹੀ ਉਸ ਨੇ ਸਿੱਖਾਂ ਨਾਲ ਕੀਤਾ ਹੈ ।ਸਟੇਜ ਤੇ ਬੋਲਦਿਆਂ ਉਸ ਨੇ ਨਾਟਕੀ ਢੰਗ ਨਾਲ ਸਾਹਮਣੇ ਬੈਠੇ ਸਰਦਾਰ ਦਾ ਨਾਮ ਪੁੱਛਿਆ ,ਉਸ ਨੇ ਉਤਰ ਦਿੱਤਾ ਬਲਜਿੰਦਰ ਸਿੰਘ। ਰਾਹੁਲ ਨੇ ਆਪਣਾ ਬੇਤੁਕਾ ਸਵਾਲ ਕੀਤਾ ਕਿ ਕੀ ਸਿੱਖ ਭਾਰਤ ਵਿੱਚ"ਪਗੜੀ ਤੇ ਕੜਾ " ਪਹਿਨ ਸਕਦੇ ਤੇ ਗੁਰਦੁਆਰੇ ਜਾ ਸਕਦੇ ? ਉਸ ਕਮਜ਼ੋਰ (ਹੋ ਸਕਦਾ ਕਾਂਗਰਸੀ ਹੀ ਹੋਵੇ)ਸਰਦਾਰ ਨੇ ਵੀ ਵਾਪਸੀ ਸਵਾਲ ਨਹੀ ਕੀਤਾ ਕਿ ਕੀ ਸਿੱਖਾਂ ਤੇ ਭਾਰਤ ਵਿਚ "ਪਗੜੀ ਤੇ ਕੜਾ" ਪਹਿਨਣ ਅਤੇ ਗੁਰਦੁਆਰਾ ਜਾਣ ਕੇ ਕੋਈ ਕਾਨੂੰਨੀ ਪਾਬੰਦੀ ਹੈ ।ਰਾਹੁਲ ਦੀ ਨੀਅਤ ਤੋਂ ਅਜਿਹਾ ਹੀ ਸਾਬਤ ਹੋਇਆ ਜਿਵੇਂ ਉਹ ਝੂਠ ਬੋਲ ਕੇ ਮਨਘੜਤ ਤੇ ਝੂਠੇ ਤੌਰ ਤੇ ਹੀ ਕੋਈ ਝੂਠਾ ਦੋਸ਼ 'ਮੋਦੀ' ਸਰਕਾਰ ਤੇ ਮੜ ਰਿਹਾ ਸੀ ।ਉਹ ਕੁਝ ਉਹਨਾਂ ਕਾਂਗਰਸੀ ਸਿੱਖਾਂ ਨੂੰ ਹੀ ਪਿਛਲੱਗ ਬਣਾ ਕੇ ਗੁਮਰਾਹ ਕਰ ਰਿਹਾ ਸੀ । ਜੋ ਬਦੇ.ਸ਼ ਵਿਚ ਨਕਲੀ ਹੋਮਲੈਂਡੀਏ ਬਣ ਕੇ ਜ਼ਿੰਦਾਬਾਦ /ਮੁਰਦਾਬਾਦ ਆਸਰੇ ਰੋਟੀਆਂ ਸੇਕਦੇ ਹਨ ।ਇਹ ਉਹੀ ਕਾਂਗਰਸੀ ਖਾਨਦਾਨ ਹਨ ,ਜਿਨਾਂ ਨੇ ਰਾਹੁਲ ਦੀ ਦਾਦੀ /ਬਾਪ 'ਇੰਦਰਾ ਗਾਂਧੀ /ਰਾਜੀਵ ਗਾਂਧੀ ਦਾ ਦਰਬਾਰ ਸਾਹਿਬ 1984 ਦੇ ਹਮਲੇ ਸਮੇਂ ਸਾਥ ਦਿੱਤਾ ਸੀ। ਐਸੇ , ਕਿ "ਚੋਰ ਕੋਤਵਾਲ ਕੋ ਢਾਂਚੇ" ਦੀ ਕਹਾਵਤ ਆਧਾਰ ਗਾਂਧੀ ਖਾਨਦਾਨ ਜੋ ਖੁਦ ਹੀ ਸਿੱਖਾਂ ਦੇ ਕਾਤਲ ਹਨ ।ਰਾਹੁਲ ਦੇ ਗਾਂਧੀ ਖਾਨਦਾਨ ਨੇ 1955 ਸਮੇਂ ਤੋਂ ਕਾਂਗਰਸ ਦੇ ਹਰ ਰਾਜ ਸਮੇਂ ਸਾਲ 2000 ਦੇ ਸਮੇਂ ਤੱਕ ਸਿਰਫ ਸਿੱਖਾਂ ਤੇ ਹੀ ਸਦਾ ਜ਼ੁਲਮ ਕੀਤਾ ।ਇਹਨਾਂ ਪੰਜ ਦਹਾਕਿਆਂ ਵਿਚ ਕਾਂਗਰਸ , ਨਹਿਰੂ , ਇੰਦਰਾ ਖਾਨਦਾਨ ਨੇ ਹਮੇਸ਼ਾ ਸਿੱਖਾਂ ਤੇ ਅੱਤਿਆਚਾਰ ਹੀ ਕੀਤਾ , ਇਸ ਬਾਰੇ ਇੱਕ ਕਵੀ ਨੇ ਸੱਚ ਲਿਖਿਆ ਸੀ - "ਕੌਨ ਸੀ ਗੰਗਾ ਨਹਾਇਆ , ਯਿਹ ਸੂਰਜ ,, ਜਦ ਭੀ ਆਇਆ ,ਤੋ ਕਤਲੇ-ਆਮ ਲੇਕਰ "। 1984 ਨਵੰਬਰ ਸਮੇਂ ਤਾਂ ਇਸ ਰਾਹੁਲ ਦੇ ਬਾਪ ਦੇ ਰਾਜ ਸਮੇਂ ਦਿੱਲੀ ਵਿਚ ਸਿੱਖਾਂ ਦੇ ਘਰਾਂ ਦੀ ਲਿਸਟ ਬਣਾ ਕੇ ,ਘਰਾਂ ਵਿੱਚੋਂ ਕੱਢ ਕੱਢ ਕਤਲ ਕੀਤੇ ਅਤੇ ਜਿਊਂਦੇ ਸਾੜੇ ਗਏ ।ਦਿੱਲੀ ਵਿਚਲੇ ਕਾਗਰਸੀ ਲੀਡਰਾਂ ਨੇ ਖੁਦ ਮਿੱਟੀ ਦਾ ਤੇਲ ਸਪਲਾਈ ਕੀਤਾ। ਸਿੱਖਾਂ ਵਿਰੁੱਧ ਦੰਗਾਕਾਰੀ ਟੋਲੇ ਕਾਇਮ ਕਰਕੇ , ਉਹਨਾਂ ਦੀ ਅਗਵਾਈ ਭੀ ਇਹਨਾਂ ਕਾਂਗਰਸੀਆਂ ਨੇ ਕੀਤੀ । ਸਿੱਖ ਔਰਤਾਂ ਨਾਲ ਬਲਾਤਕਾਰ ਕੀਤੇ ਗਏ। ਇਹਨਾਂ ਦੋਸ਼ੀਆਂ ਵਿਚ ਹੀ ਉਘੇ ਨਾਮ ਧਰਮ ਦਾਸ ਸਾਸ਼ਤਰੀ,ਸਜਣ ਕੁਮਾਰ, ਭਗਤ , ਟਾਈਟਲਰ ,ਲੱਲਤ ਮਾਕਨ ਤੇ ਹੋਰ ਬਹੁਤੇ ਨਾਮ ਹਨ ।1984 ਉਪਰੰਤ ਕਾਂਗਰਸ ਦੇ ਸਾਰੇ ਰਾਜ ਵਿੱਚ , ਅਫਸੋਸ ਕਿ ਮਨਮੋਹਨ ਸਿੰਘ ਦੇ ਰਾਜ ਤੱਕ , ਉਪਰੋਕਤ ਅਪਰਾਧੀਆਂ ਵਿਰੁੱਧ ਕਾਰਵਾਈ ਠੱਪ ਕੀਤੀ ਜਾਂਦੀ ਰਹੀ । ਰਾਹਲ ਨੂੰ ਤਾਂ ਸਗੋਂ ਇਸ ਗੱਲ ਦਾ ਜ਼ਿਕਰ ਕਰਨਾ ਚਾਹੀਦਾ ਹੈ ਕਿ ਜੋ ਕਾਤਲ ਦੋਸ਼ੀ ਕਾਂਗਰਸ ਦੇ ਰਾਜ ਵਿੱਚ ਲੁਕੇ ਰਹੇ , ਜੇਹਲ ਨਹੀ ਭੇਜੇ ਗਏ , ਉਹਨਾਂ ਵਿਰੁੱਧ ਕਾਰਵਾਈ "ਮੋਦੀ" ਸਰਕਾਰ ਸਮੇਂ ਹੋ ਰਹੀ ਹੈ । ਟਾਈਟਲਰ ਤੇ ਸੱਜਣ ਕੁਮਾਰ ਵਿਰੁੱਧ ਹਾਲ ਹੀ ਵਿਚ ਚੱਲ ਰਹੀ ਅਦਾਲਤੀ ਕਾਰਵਾਈ ਪ੍ਰਤੱਖ ਸਬੂਤ ਹੈ । ਗਾਂਧੀ ਖਾਨਦਾਨ ਤੋ ਬਿਨਾਂ , ਭਾਰਤੀ ਲੋਕਾਂ ਦੀ ਬਹੁਪੱਖੀ ਰਾਏ ਹੈ ਕਿ ਇਹਨਾਂ ਕਾਤਲਾਂ ਨੂੰ ਢੁਕਵੀਆਂ ਸਜ਼ਾਵਾਂ ਦਿੱਤੀਆਂ ਜਾਣ ।ਪਰ ਬੇਹੱਦ ਦੁਖਦਾਇਕ ਗੱਲ ਇਹ ਸਾਹਮਣੇ ਆਈ ਕਿ ਜੋ ਲੋਕ ਸਿੱਖ ਕੌਮ ਦੇ ਸੁਚੱਜੇ ਨਾਇਕ ਬਣਨ ਵਿੱਚ ਦਹਾਕਿਆਂ ਤੋਂ ਕਤਾਰ ਵਿੱਚ ਖੜੇ ਢੌਂਗੀ ਟਾਹਰਾਂ ਲਗਾ ਰਹੇ ਸਨ ।ਇਹ ਲੋਕ ਗੈ਼ਰਤ ਨੂੰ ਤਲਾਂਜਲੀ ਦੇ ਕੇ ਰਾਹੁਲ ਦੀ ਬਗ਼ਲ ਜਾ ਚੜੇ ਹਨ । ਕੌਮ ਨੂੰ ਪਿੱਠ ਦੇਣ ਦਾ ਕਾਰਨ ਇਹ ਦੱਸ ਰਹੇ ਹਨ ਕਿ ਰਾਹੁਲ ਗਾਂਧੀ ਦੇ ਝੂਠੇ ਮਨਘੜਤ ਜਾਦੂ ਨੇ ਉਹਨਾਂ ਨੂੰ ਸਿੱਖ ਹੋਮਲੈਂਡ ਦੇ ਸੁਪਨੇ ਦਾ ਰੂਪ ਦਿੱਤਾ ਹੈ । ਇਹ ਲੋਕ ਚੰਗੇ ਸਿੱਖ ਨਾਇਕ ਹੋਣ ਦੀ ਬਜਾਏ , ਹੁਣ ਉਲਟੀ ਗੰਗਾ ਦੇ ਵਹਿਣ ਵਿੱਚ ਕਿਉਂ ਵਹਿ ਤੁਰੇ ? ਇਸ ਵਗਦੀ ਗੰਗਾ ਦੇ ਤਟ ਤੇ ਰਾਹੁਲ ਗਾਂਧੀ ਨਾਲ ਸਿੱਖ ਹੋਮਲੈਂਡ ਦੀ ਸਾਂਝ ਵਿੱਚ ਕਿਹੜੀ ਅਗਵਾਈ ਕਬੂਲ ਕਰਨਗੇ ? ਕੀ ਇਹ ਕੁਝ , ਦੇਸ਼ ਵਿੱਚ ਸੰਘਰਸ਼ ਕਰਦੇ ਸਿਖਾਂ ਨੂੰ ਸ਼ਰਮਸਾਰ ਨਹੀ ਕਰੇਗਾ ? ਉਹ ਕਿਹੜੀ ਬਦੇ.ਸ਼ੀ ਕਾਂਗਰਸੀ ਕੰਪੇਨ ਸੀ ਕਿ ਅਜਿਹੇ ਲੋਕ ਕਾਂਗਰਸੀਆਂ ਦੇ ਹੱਕ ਵਿੱਚ ਭੁਗਤੇ । ਸਿੱਟੇ ਵਜੋ ਹੀ ,ਪਿਛਲੀਆਂ ਪਾਰਲੀਮੈਂਟ ਚੋਣਾਂ ਵਿੱਚ , ਪੰਜਾਬ ਦੀਆਂ 13 ਸੀਟਾਂ ਵਿੱਚੋਂ 7 ਸੀਟਾਂ ਇੰਦਰਾ/ਰਾਜੀਵ/ਰਾਹੁਲ ਕਾਂਗਰਸ ਨੇ ਜਿੱਤੀਆਂ । ਕੀ ਇਹ ਕਿਸੇ ਕਲੰਕ ਨਾਲੋ ਘੱਟ ਹੈ ? ਰਾਹੁਲ ਨਾਲ ਢੌਂਗੀ ਤੌਰ ਤੇ ਸਿਖ ਹੋਮਲੈਂਡ ਦੀ ਸਾਂਝ ਦਾ ਕਿੱਸਾ ਦੱਸ ਕੇ ਕਿਸ ਕਿਸ ਸਿੱਖ ਨੂੰ ਮੂਰਖ ਬਣਾ ਰਹੇ ਹਨ ਜਾਂ ਸਮੁੱਚੀ ਕੌਮ ਨੂੰ ? ਠੀਕ ਉਸੇ ਸਮੇਂ , ਜਦ ਜਗਦੀਸ਼ ਟਾਈਟਲਰ ਵਿਰੁੱਧ , ਸੀ ਬੀ ਆਈ ਦੇ ਐਕਸ਼ਨ ਆਧਾਰ ਤੇ ਉਸ ਵੱਲੋਂ ਸਿੱਖਾਂ ਦੇ ਕੀਤੇ ਕਤਲਾਂ ਦੇ ਦੋਸ਼ ਦਾਖਲ ਹੋ ਰਹੇ ਹਨ ।ਰਾਹੁਲ ਦਾ ਬਿਆਨ ਜੇ ਅਗਿਆਨਤਾ ਆਧਾਰ ਹੈ , ਤਾਂ ਵੀ ਸਿੱਖਾਂ ਦੇ ਪਗੜੀ ,ਕੜੇ ਦੀ ਪਹਚਾਨ ਤੇ ਕੋਝਾ ਮਜ਼ਾਕ ਹੈ ।ਵੈਸੇ ਇਹ ਸਿੱਖਾਂ ਪ੍ਰਤੀ ਨ਼ਫਰਤ ਤੇ ਆਧਾਰਤ ਹੈ । ਠੀਕ ਉਸੇ ਪੱਧਰੀ ਬੋਲੀ ਵਿੱਚ , ਜਿਵੇਂ ਰਾਜੀਵ ਗਾਂਧੀ ਨੇ ਦਿੱਲੀ ਵਿੱਚ ਸਿੱਖਾਂ ਤੇ ਕੀਤੇ ਜਾ ਰਹੇ ਕਤਲੇਆਮ ਸਮੇਂ ਦਿੱਤਾ ਸੀ । ਕਿ "ਜਦ ਵੱਡਾ ਦਰਖਤ ਗਿਰਤਾ ਹੈ , ਤੋ ਕੀੜੇ ਮਕੌੜੇ ਤੋ ਮਰਤੇ ਹੀ ਹੈਨ" ।ਪੂਰੇ 40 ਸਾਲ ਬੀਤ ਗਏ , ਅੱਜ ਵੀ ਗਾਂਧੀ ਖਾਨਦਾਨ ਦੇ ਮਨ ਵਿਚ ਉਹੀ ਅਗਿਆਨਤਾ ਤੇ ਨ਼ਫਰਤ ਕਾਇਮ ਹੈ । ਹਮੇਸ਼ਾ ਬੇਲੋੜੀ ਬੋਲੀ ਆਧਾਰ ਬਣਾ ਕੇ ਸਿੱਖਾਂ ਦੇ ਜ਼ਖ਼ਮਾਂ ਤੇ ਹੀ ਲੂਣ ਛਿੜਕ ਰਹੇ ਹਨ । ਗੈਰ ਜੁਮੇਵਾਰ ਲੋਕ ਗੈਰ-ਵਾਜਬ ਰਿਸ਼ਤੇ ਕਾਇਮ ਕਰਕੇ ਸਿਖ ਕੌਮ ਨੂੰ ਹਮੇਸ਼ਾ ਗੁਮਰਾਹ ਕਰਦੇ ਹਨ । ਇਸ ਦੇ ਬਾਵਜੂਦ ਸਿੱਖ ਸੰਸਥਾਵਾਂ ਦੀ ਚੌਧਰ ਜਿਹੀ ਪਹਿਚਾਣ ਦੱਸ ਰਹੇ ਹਨ । ਰੈਫਰੰਡਮ ਧਿਰ ਹੋਵੇ ਜਾਂ ਫੈਡਰੇਸ਼ਨ, ਲੋਕ ਜਾਨਣਾ ਚਾਹੁਣਗੇ , ਕਿ ਰਾਹੁਲ ਗਾਂਧੀ ਨਾਲ ਗਲਵੱਕੜੀ ਅਤੇ ਮੰਜ਼ਲ ਕਿਸ ਚਕਰਵਿਊ ਵਿੱਚ ਲੈ ਕੇ ਜਾ ਰਹੇ ਹਨ ।ਸਿੱਖ ਸੰਘਰਸ਼ ਤੇ ਇਨਸਾਫ ਲਈ ਆਮ ਆਵਾਜ਼ ਸੀ ਕਿ "ਸਾਨੂੰ ਸੰਘਰਸ਼ ਲਗੇ ਪਿਆਰਾ " , ਪਰ ਕੁਝ ਲੋਕਾਂ ਦੀ ਬੋਲੀ ਰਾਤੋ ਰਾਤ ਕਿਵੇਂ ਟਪਲਾ ਖਾ ਗਈ ਕਿ ਸਿੱਖਾਂ ਦੇ ਕਾਤਲ ਗਾਂਧੀ ਖਾਨਦਾਨ ਬਾਰੇ ਰਾਹੁਲ ਦੀ ਗੈਰ-ਵਾਜਬ ਟਿੱਪਣੀ ਤੇ ਗਾ ਉਠੇ ਕਿ "ਸਾਨੂੰ ਰਾਹੁਲ ਲੱਗੇ ਪਿਆਰਾ " । ਦੇਸ਼ ਬਦੇਸ਼ ਦੇ ਸਿੱਖਾਂ ਖਾਸਕਰਕੇ ਲੰਮੇ ਸਮੇਂ ਤੋਂ ਇਨਸਾਫ ਲਈ ਸੰਘਰਸ਼ ਕਰਦੇ ਸੰਸਥਾਵਾਂ ਤੇ ਆਗੂਆਂ ਪਾਸ ਬੇਨਤੀ ਹੈ ਕਿ ਖਾਲਸਈ ਵਿਰਸੇ ਦੀ ਪਹਿਚਾਣ ਕਰਦੇ , ਦੋ-ਰੰਗੇ ਆਗੂਆਂ ਦੀ ਪੜਚੋਲ ਕਰੋ। ••



ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼ ਕਲੈਗਨਫਰੋਟ ਵਿਖੇ ਨਗਰ ਕੀਰਤਨ ਵਿੱਚ ਆਸਟਰੀਆ ਯੂਰਪ ਦੀ ਸੰਗਤ ਨੂੰ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ : ਭਾਈ ਵਰਿੰਦਰ ਸਿੰਘ ਜੀ ਜੌਹਲ ਮੁੱਖ ਬੁਲਾਰਾ ਅਸਟਰੀਆ ਯੂਰਪ ਅਤੇ ਭਾਈ ਹਰਪਾਲ ਸਿੰਘ ਜੀ ਸੀਨੀਅਰ ਮੀਤ ਪ੍ਰਧਾਨ ਕਲੈਗਨਫਰੋਟ

# ਮਹਾਨ ਨਗਰ ਕੀਰਤਨ ਦੇ ਵਿੱਚ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੋਰਪ ਦੀ ਸਮੂਹ ਟੀਮ ਵੱਲੋਂ ਬਹੁਤ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ



**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)** ਦਸ ਪਾਤਸ਼ਾਹੀਆਂ ਦੀ ਜੋਤ ਚਵਰ ਤਖਤ ਦੇ ਮਾਲਕ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼ ਕਲੈਗਨਫਰੋਟ tessendorfer strasse 106,9020 ਵਿਖੇ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਵਿਸ਼ਾਲ ਨਗਰ ਕੀਰਤਨ 22 ਸਤੰਬਰ ਦਿਨ ਐਤਵਾਰ ਨੂੰ ਸ਼ਾਨੋ ਸ਼ੌਕਤ ਨਾਲ ਕੱਢਿਆ ਜਾ ਰਿਹਾ ਹੈ। ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਵਾ ਕੇ 11 ਵਜੇ ਨਗਰ ਕੀਰਤਨ ਦੀ ਅਰੰਭਤਾ ਹੋਵੇਗੀ ।ਇੰਟਰਨੈਸ਼ਨਲ ਪੰਥਕ ਦਲ ਆਸਟਰੀਆ ਯੂਰਪ ਦੇ ਮੁੱਖ ਬੁਲਾਰੇ ਭਾਈ ਵਰਿੰਦਰ ਸਿੰਘ ਜੀ ਜੌਹਲ ਅਤੇ ਭਾਈ ਹਰਪਾਲ ਸਿੰਘ ਜੀ ਸੀਨੀਅਰ ਮੀਤ ਪ੍ਰਧਾਨ ਕਲੈਗਨਫਰੋਟ ਹੁਰਾਂ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਅਸਟਰੀਆ ਯੂਰਪ ਦੀਆਂ ਸਮੂਹ ਸੰਗਤਾਂ ਨਗਰ ਕੀਰਤਨ ਵਿੱਚ ਆਪਣੇ ਪਰਿਵਾਰਾਂ ਸਮੇਤ ਹੁਮ ਹੁਮਾ ਕੇ ਜਰੂਰ ਪਹੁੰਚਣ। ਆਪਣੇ ਕੰਮਾਂ ਨੂੰ ਸੰਕੋਚਦੇ ਹੋਏ ਨਗਰ ਕੀਰਤਨ ਵਿੱਚ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ।ਗਤਕੇ ਦੇ ਮੁਕਾਬਲੇ ਕਰਵਾਏ ਜਾਣਗੇ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਨਗਰ ਕੀਰਤਨ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਜੀ ਵਿਸ਼ੇਸ਼ ਤੌਰ ਤੇ ਪਹੁੰਚ ਕਿ ਆਪਣੀ ਹਾਜਰੀ ਭਰਨਗੇ। ਮਹਾਨ ਨਗਰ ਕੀਰਤਨ ਦੇ ਵਿੱਚ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੀ ਸਮੂਹ ਟੀਮ ਵੱਲੋਂ ਬਹੁਤ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ ਅਤੇ ਭਾਈ ਵਰਿੰਦਰ ਸਿੰਘ ਜੀ ਨੇ ਸਮੂਹ ਇੰਟਰਨੈਸ਼ਨਲ ਪੰਥਕ ਦਲ ਆਸਟਰੀਆ ਯੂਰਪ ਦੀ ਟੀਮ ਨੂੰ ਬੇਨਤੀ ਕੀਤੀ ਕਿ ਅਹੁਦੇਦਾਰ ਸਾਹਿਬਾਨ ਅਤੇ ਵਰਕਰ ਸਾਹਿਬਾਨ ਵੱਧ ਤੋਂ ਵੱਧ ਸੰਗਤਾਂ ਨੂੰ ਨਗਰ ਕੀਰਤਨ ਦੇ ਵਿੱਚ ਸ਼ਾਮਿਲ ਹੋਣ ਲਈ ਬੇਨਤੀ ਕਰਨ। ਉਹਨਾਂ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਪੂਰਨ ਸਹਿਯੋਗ ਨਾਲ ਇੰਟਰਨੈਸ਼ਨਲ ਪੰਥਕ ਦਲ ਦੀ ਸਾਰੀ ਲੀਡਰਸ਼ਿਪ ਨਗਰ ਕੀਰਤਨ ਵਿੱਚ ਆਪਣਾ ਅਹਿਲ ਰੋਲ ਨਿਭਾਏਗੀ ।ਅੱਗੇ ਬੋਲਦਿਆਂ ਕਿਹਾ ਕਿ ਸੰਗਤਾਂ ਨਗਰ ਕੀਰਤਨ ਦੇ ਦਰਸ਼ਨਾਂ ਲਈ ਲਾਮਿਸਾਲ ਉਤਸ਼ਾਹ ਅਤੇ ਥਾਂ ਥਾਂ ਸੰਗਤਾਂ ਵੱਲੋਂ ਨਗਰ ਕੀਰਤਨ ਦੇ ਸਵਾਗਤ ਲਈ ਵੱਡੀ ਗਿਣਤੀ ਵਿੱਚ ਸੰਗਤਾਂ ਵੱਧ ਚੜ ਕੇ ਪੁੱਜਣ। ਨਗਰ ਕੀਰਤਨ ਦੀ ਖੁਸ਼ੀ ਵਿੱਚ ਅਸਟਰੀਆ ਯੂਰਪ ਦੀ ਸੰਗਤ ਵਿਚ ਬਹੁਤ ਵੱਡਾ ਉਤਸ਼ਾਹ ਪਾਇਆ ਜਾ ਰਿਹਾ ਹੈ। ਦੱਸਣ ਯੋਗ ਹੈ ਕਿ ਨਗਰ ਕੀਰਤਨ ਵਿੱਚ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਬਾਰੇ ਪੂਰਨ ਤੌਰ ਤੇ ਜਾਣਕਾਰੀ ਦਿੱਤੀ ਜਾਵੇਗੀ। ਭਾਈ ਵਰਿੰਦਰ ਸਿੰਘ ਜੀ ਅਤੇ ਭਾਈ ਹਰਪਾਲ ਸਿੰਘ ਜੀ ਨੇ ਦੱਸਿਆ ਕਿ ਇਹ ਵੀ ਬਹੁਤ ਵੱਡੀ ਖੁਸ਼ੀ ਵਾਲੀ ਗੱਲ ਹੈ ਕਿ ਨਗਰ ਕੀਰਤਨ ਵਿੱਚ ਦੁਨੀਆ ਦਾ ਪਹਿਲਾ ਦੇਸ਼ ਅਸਟਰੀਆ ਹੋਵੇਗਾ ਜਿੱਥੇ ਸਮੂਹ ਗੁਰਦੁਆਰਾ ਸਾਹਿਬਾਨਾਂ ਦੀਆਂ ਕਮੇਟੀਆਂ ਦਾ ਪੂਰਨ ਸਹਿਯੋਗ ਅਤੇ ਏਕਤਾ ਹੈ ਜਿੱਥੇ ਅਸਟਰੀਆ ਦੀ ਧਰਤੀ ਤੇ ਹੋਣ ਵਾਲਾ ਹਰ ਕਾਰਜ ਸਮੂਹ ਗੁਰਦੁਆਰਾ ਸਾਹਿਬਾਨ ਅਤੇ ਸੰਗਤਾਂ ਵੱਲੋਂ ਪੂਰਨ ਸਹਿਯੋਗ ਦਿੱਤਾ ਜਾਂਦਾ ਹੈ। ਇਹ ਅਸਟਰੀਆ ਯੂਰਪ ਦੀ ਸੰਗਤਾਂ ਦੀ ਬਹੁਤ ਵੱਡੀ ਕਾਮਯਾਬੀ ਹੈ।

ਅਰਦਾਸ ਕਰਦੇ ਹਾਂ ਕਿ ਗੁਰੂ ਸਾਹਿਬ ਜੀ ਸਮੂਹ ਗੁਰਦੁਆਰਾ ਸਾਹਿਬਾਨਾ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਸੰਗਤਾਂ ਦੇ ਸਿਰ ਤੇ ਆਪਣਾ ਮਿਹਰ ਭਰਿਆ ਹੱਥ ਰੱਖਣ ਅਤੇ ਹਰ ਇੱਕ ਵਿੱਚ ਇੱਕ ਦੂਜੇ ਪ੍ਰਤੀ ਪ੍ਰੇਮ ਪਿਆਰ ਮਿਲਣਵਰਤਨ ਬਖਸ਼ਿਸ਼ ਕਰਨ।

## ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆ.ਫ ਐਜੂਕੇਸ਼ਨ ਵੱਲੋਂ

# ਭਵਿੱਖੀ ਅਧਿਆਪਕਾਂ ਨੇ ਵਿਖਾਏ ਕਲਾ ਦੇ ਜੌਹਰ








**ਤਲਵੰਡੀ ਸਾਬੋ, 19 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਐਜੂਕੇਸ਼ਨ ਵੱਲੋਂ ਭਵਿਖੀ ਅਧਿਆਪਕਾਂ ਦੇ ਹੁਨਰ ਨੂੰ ਨਿਖਾਰਨ, ਸੰਵਾਰਨ ਅਤੇ ਪ੍ਰਦਰਸ਼ਨ ਲਈ ਡਾ. ਕਵਿਤਾ ਬਤਰਾ, ਵਿਭਾਗ ਮੁਖੀ ਦੀ ਅਗਵਾਈ ਹੇਠ "ਟੈਲੇਂਟ ਹੰਟ" ਨਾਂ ਦੇ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਵਿਦਿਆਰਥੀ ਭਲਾਈ ਅਤੇ ਫੈਕਲਟੀ ਮੈਂਬਰਾਂ ਵੱਲੋਂ ਦੀਪ ਜਲਾ ਕੇ ਸਮਾਰੋਹ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਪ੍ਰਧਾਨਗੀ ਭਾਸ਼ਣ ਵਿੱਚ ਸਿੱਧੂ ਨੇ ਕਿਹਾ ਕਿ ਲਲਿਤ ਕਲਾਵਾਂ ਸਾਡੀ ਸੰਸਕ੍ਰਿਤੀ ਅਤੇ ਸੱਭਿਆਚਾਰ ਦਾ ਅਨਿਖੜਵਾਂ ਹਿੱਸਾ ਹਨ। ਜੋ ਸਾਨੂੰ ਆਪਣੀਆਂ ਜੜ੍ਹਾਂ ਨਾਲ ਜੋੜੇ ਰੱਖਦੀਆਂ ਹਨ, ਇਸ ਲਈ ਵਿਦਿਆਰਥੀਆਂ ਨੂੰ ਇਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਹ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵ-ਪੱਖੀ ਵਿਕਾਸ ਅਤ ਉਨ੍ਹਾਂ ਦੀ ਸ਼ਖ਼ਸ਼ੀਅਤ ਨੂੰ ਸੰਵਾਰਨ ਦਾ ਕੰਮ ਕਰਦੀਆਂ ਹਨ।ਉਨ੍ਹਾਂ ਭਵਿੱਖ ਵਿੱਚ ਵੱਡੇ ਪੱਧਰ 'ਤੇ ਸੱਭਿਆਚਾਰਕ ਪ੍ਰੋਗਰਾਮ ਆਯੋਜਿਤ ਕਰਨ ਦੀ ਆਸ ਪ੍ਰਗਟਾਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਭਾਸ਼ਣ ਕਲਾ, ਕਾਵਿ ਉਚਾਰਣ, ਐਕਟਿੰਗ, ਲੋਕ ਨਾਚ, ਕਹਾਣੀ ਆਦਿ ਵਿਧਾਵਾਂ ਵਿੱਚ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸਵੈ-ਲਿਖਤ ਗੀਤ, ਕਵਿਤਾਵਾਂ ਅਤੇ ਕਹਾਣੀਆਂ ਨੇ ਦਰਸ਼ਕਾਂ ਨੂੰ ਤਾੜੀਆਂ ਵਜਾਉਣ ਲਈ ਮਜ਼ਬੂਰ ਕੀਤਾ। ਵਿਸ਼ੇਸ਼ ਤੌਰ 'ਤੇ ਲੋਕ ਨਾਚ ਦੀ ਪੇਸ਼ਕਾਰੀ ਨੇ ਹਾਜ਼ਰ ਪਤਵੰਤਿਆਂ ਦੀ ਵਾਹ-ਵਾਹ ਖੱਟੀ।ਇਸ ਮੌਕੇ ਵਿਦਿਆਰਥੀਆਂ ਵੱਲੋਂ ਬਣਾਏ ਗਏ ਮਾਡਲਾਂ ਦੀ ਪ੍ਰਦਰਸ਼ਨੀ ਮਹਿਮਾਨਾਂ ਦੀ ਖਿੱਚ ਦਾ ਕੇਂਦਰ ਰਹੀ। ਆਯੋਜਕਾਂ ਵੱਲੋਂ ਸ਼ਾਨਦਾਰ ਪੇਸ਼ਕਾਰੀ ਵਾਲੇ ਭਾਵੀ ਅਧਿਆਪਕਾਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਸਮੇਂ ਬੱਧ ਅਤੇ ਅਨੁਸ਼ਾਸਨ ਭਰਪੂਰ ਸਮਾਰੋਹ ਦਾ ਸਮੂਹ ਪ੍ਰਬੰਧਨ ਕਾਬਿਲੇ ਤਾਰੀਫ਼ ਸੀ।

# ਟੀਕਾਕਰਣ ਦੇ ਮਾਮੂਲੀ ਸਾਈਡ ਇਫੈਕਟਸ ਤੋਂ ਘਬਰਾਉਣ ਦੀ ਲੋੜ ਨਹੀਂ: ਡਾ ਕਿਰਨਦੀਪ ਕੌਰ



**ਚੌਕ ਮਹਿਤਾ, 20 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਸਿਵਲ ਸਰਜਨ ਡਾ ਕਿਨਦੀਪ ਕੌਰ ਦੀ ਪ੍ਰਧਾਨਗੀ ਅਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਦੀ ਅਗਵਾਹੀ ਹੇਠਾਂ ਵਲੋਂ ਰਟੀਨ ਇਮੁਨਾਈਜੇਸ਼ਨ ਦੇ ਏ.ਈ.ਐਫ.ਆਈ. ਕਮੇਟੀ ਦੀ ਵਿਸ਼ੇਸ਼ ਮੀਟਿੰਗ ਦਫਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਕੀਤੀ ਗਈ। ਇਸ ਮੋਕੇ ਤੇ ਸਿਵਲ ਸਰਜਨ ਡਾ ਕਿਨਦੀਪ ਕੌਰ ਨੇ ਦੱਸਿਆ ਕਿ ਭਾਰਤ ਵਿਚ ਹਰ ਸਾਲ ਲਗਭਗ 2.7 ਕਰੋੜ ਬੱਚਿਆਂ ਨੂੰ ਅਤੇ 3 ਕਰੋੜ ਗਰਭਵਤੀ ਮਾਵਾਂ ਨੂੰ ਵੈਕਸੀਨੇਸ਼ਨ ਰਾਹੀ ਬਹੁਤ ਸਾਰੀਆਂ ਮਾਰੂ ਬੀਮਾਰੀਆਂ ਤੋਂ ਸੁਰੱਖਿਅਤ ਕੀਤਾ ਜਾਂਦਾ ਹੈ। ਇਹਨਾਂ ਟੀਕਾਕਰਣ ਦੇ ਕੁਝ ਮਾਮੂਲੀ ਸਾਈਡ ਇਫੈਕਟ ਵੀ ਹੋ ਸਕਦੇ ਹਨ ਜਿਵੇਂ ਬੁਖਾਰ, ਖਾਰਿਸ਼, ਸੋਜ, ਗਿਲਟੀ ਦਾ ਬਨਣਾਂ ਅਤੇ ਬਾਡੀ ਰੈਸ਼ ਆਦਿ। ਪਰ ਇਹਨਾਂ ਮਾਮੂਲੀ ਸਾਈਡ ਇਫੈਕਟਸ ਤੋਂ ਬਿਲਕੁਲ ਘਬਰਾਉਣ ਦੀ ਲੋੜ ਨਹੀ ਹੈ। ਇਹ ਸਾਈਡ ਇਫੈਕਟ ਕੁਝ ਦਿਨ ਬਾਦ ਆਪਣੇ ਆਪ ਜਾਂ ਸਾਧਾਰਣ ਦਵਾਈ ਨਾਲ ਠੀਕ ਹੋ ਜਾਂਦੇ ਹਨ। ਇਸ ਅਵਸਰ ਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਨੇ ਕਿਹਾ ਕਿ ਰੁਟੀਨ ਇਮੁਨਾਈਜੇਸ਼ਨ ਨਾਲ 12 ਕਿਸਮ ਦੀਆਂ ਮਾਰੂ ਬੀਮਾਰੀਆਂ ਤੋਂ ਅਸੀ ਆਪਣੇ ਬੱਚਿਆਂ ਨੂੰ ਸੁਰੱਖਿਅਤ ਰੱਖ ਸਕਦੇ ਹਾਂ। ਉਨਾਂ ਨੇ ਆਮ ਲੋਕਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆ ਨੂੰ ਇਹ ਟੀਕੇ ਜਰੂਰ ਲਗਵਾਉਣ। ਇਸ ਮੌਕੇ ਡਬਯੂ.ਐਚ.ਓ. ਵਲੋਂ ਡਾ ਇਸ਼ਿਤਾ, ਜਿਲ੍ਹਾ ਬੀ.ਸੀ.ਜੀ.ਅਫਸਰ ਡਾ ਮਨਮੀਤ ਕੌਰ, ਜਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ, ਜਿਲ੍ਹਾ ਮਾਸ ਮੀਡੀਆ ਅਫਸਰ ਅਮਰਦੀਪ ਸਿੰਘ, ਡਾ ਅਸ਼ਵਨੀ ਕੁਮਾਰ, ਡਾ ਜਸਕਰਨ ਜੋਤ ਕੌਰ, ਡਾ ਵਨੀਤ ਕੌਰ, ਡਾ ਅਰਵਿੰਦਰ ਸਿੰਘ, ਡਾ ਜਗਦੀਪ ਕੌਰ, ਡਾ ਨਕੁਲ ਅਤੇ ਸਮੂਹ ਸਟਾਫ ਹਾਜਰ ਸੀ।

# ਜ਼ਿਲ੍ਹੇ ਨੂੰ ਤੰਬਾਕੂ ਮੁਕਤ ਕਰਨ ਲਈ, ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇਗਾ: ਸਿਵਲ ਸਰਜਨ ਡਾ ਕਿਰਨਦੀਪ ਕੌਰ



**ਚੌਕ ਮਹਿਤਾ, 20 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਸੰਬਧੀ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਕਮ ਡੀ.ਡੀ.ਐਚ.ਓ. ਡਾ ਜਗਨਜੋਤ ਕੋਰ ਵਲੋਂ ਇਕ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ। ਜਿਸ ਵਿਚ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਐਸ.ਆਈ. ਰਜਿੰਦਰ ਸਿੰਘ, ਮੰਗਲ ਸਿੰਘ, ਰਜੇਸ਼ ਕੁਮਾਰ, ਦੀਪਕ ਕੁਮਾਰ, ਰਮੇਸ਼ ਕੁਮਾਰ, ਰਸ਼ਪਾਲ ਸਿੰਘ, ਹਰਪ੍ਰੀਤ ਸਿੰਘ ਅਤੇ ਸਹਾਇਕ ਸਟਾਫ ਸ਼ਾਮਿਲ ਸਨ। ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਮਾਲ ਰੋਡ, ਕੋਰਟ ਰੋਡ, ਕਵੀਨਜ ਰੋਡ ਅਤੇ ਰੇਲਵੇ ਸਟੇਸ਼ਨ ਦੇ ਨੇੜੇ ਦੇ ਇਲਾਕਿਆਂ ਵਿਚ 13 ਦੁਕਾਨਦਾਰਾਂ ਅਤੇ ਪਬਲਿਕ ਪਲੇਸ ਤੇ ਸਿਗਰਟ ਪੀਣ ਵਾਲੇ 5 ਲੋਕਾਂ ਦੇ ਮੌਕੇ ਤੇ ਚਲਾਣ ਕਟੇ ਗਏ ਅਤੇ ਪੰਜਾਬ ਸਰਕਾਰ ਵਲੋਂ ਟਛਫ ਐਕਟ ਤਹਿਤ ਸਮੂਹ ਤੰਬਾਕੂ ਵਿਕ੍ਰੇਤਾਵਾਂ ਨੂੰ ਚੇਤਾਵਨੀ ਦਿੰਦਿਆ ਹਿਦਾਇਤਾਂ ਜਾਰੀ ਕੀਤੀਆਂ ਅਤੇ ਮੌਕੇ ਤੇ ਬਿਨਾਂ ਮਾਪ-ਦੰਡ ਵਾਲੇ ਸਿਗਰਟ ਪ੍ਰੋਗਕਟ ਨੂੰ ਨਸ਼ਟ ਵੀ ਕੀਤਾ ਗਿਆ। ਇਸ ਅਵਸਰ ਤੇ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਵਲੋ ਜਾਣਕਾਰੀ ਦਿੱਤੀ ਗਈ ਕਿ ਭਾਰਤ ਸਰਕਾਰ ਵਲੋਂ ਜਾਰੀ ਹੁਕਮਾਂ ਅਨੁਸਾਰ ਇਹ ਲਾਜਮੀਂ ਕੀਤਾ ਹੈ ਕਿ ਹਰੇਕ ਤੰਬਾਕੂ ਪ੍ਰੋਡਕਟ ਦੇ ਪੈਕਟ ਦੇ ਦੋਵੇਂ ਪਾਸੇ ਇਕ ਨਿਰਧਾਰਤ ਮਾਪਦੰਡ ਅਨੁਸਾਰ ਇਕ ਨਿਰਧਾਰਤ ਫੋਟੋ ਅਤੇ ਉਸ ਉਪੱਰ ਤੰਬਾਕੂ ਦਰਦਨਾਕ ਮੌਤ ਅਤੇ ਕੈਂਸਰ ਦਾ ਕਾਰਣ ਬਣਦਾ ਹੈ ਲਿਖਿਆ ਜਾਣਾਂ ਲਾਜਮੀਂ ਹੈ। ਇਸ ਲਈ ਬਿਨਾਂ ਉਪਰੋਕਤ ਮਾਪਦੰਡ ਦੇ ਤੰਬਾਕੂ ਵੇਚਣਾਂ ਕਾਨੂੰਨਣ ਅਪਰਾਧ ਹੈ। ਇਸ ਲਈ ਜੇਕਰ ਕੋਈ ਵੀ ਤੰਬਾਕੂ ਵਿਕ੍ਰੇਤਾਂ ਬਿਨਾਂ ਮਾਪਦੰਡ ਵਾਲਾ ਤੰਬਾਕੂ ਸਮਾਨ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਧਾਰਾ 20 ਤਹਿਤ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਪਲੇਸ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ ਹੈ।

# ਖੇਡਾਂ ਵਤਨ ਪੰਜਾਬ ਦੀਆਂ - ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਨਸਰਾਲਾ ਸਕੂਲ ਦਾ ਵਧੀਆ ਪ੍ਰਦਰਸ਼ਨ



**ਹੁਸ਼ਿਆਰਪੁਰ,19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ, ਖੇਡਾਂ ਵਤਨ ਪੰਜਾਬ ਦੀਆਂ ਤਹਿਤ ਜ਼ਿਲਾ ਪੱਧਰੀ ਖੇਡਾਂ ਜਿਲਾ ਖੇਡ ਅਫਸਰ ਗੁਰਪ੍ਰੀਤ ਸਿੰਘ ਬਾਜਵਾ ਦੀ ਦੇਖ ਰੇਖ ਹੇਠ ਆਊਟਡੋਰ ਸਟੇਡੀਅਮ ਹੁਸ਼ਿਆਰਪੁਰ ਵਿਖੇ ਅੱਜ ਸਮਾਪਤ ਹੋਈਆਂ। ਇਹਨਾਂ ਖੇਡਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਸਰਾਲਾ ਦੇ ਕਬੱਡੀ ਦੇ ਖਿਡਾਰੀਆਂ ਨੇ ਆਪਣਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ 14 ਲੜਕਿਆਂ ਨੇ ਚਾਂਦੀ ਦੇ ਮੈਡਲ ਅਤੇ ਲੜਕੀਆਂ ਨੇ ਸੋਨੇ ਦੇ ਮੈਡਲ ਪ੍ਰਾਪਤ ਕੀਤੇ। ਲੈਕਚਰਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਇਹ ਸਭ ਖਿਡਾਰੀਆਂ ਦੀ ਮਿਹਨਤ ਦਾ ਹੀ ਸਿੱਟਾ ਹੈ। ਸਕੂਲ ਪਹੁੰਚਣ ਤੇ ਪ੍ਰਿੰਸੀਪਲ ਸ੍ਰੀ ਧਰਮਿੰਦਰ ਕੁਮਾਰ ਸ਼ਰਮਾ ਅਤੇ ਸਮੂਹ ਸਟਾਫ ਵੱਲੋਂ ਲੈਕਚਰਾਰ ਸੁਖਦੇਵ ਸਿੰਘ ਅਤੇ ਸਾਰੇ ਜੇਤੂ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਲੈਕਚਰਾਰ ਕੁਲਵਿੰਦਰ ਸਿੰਘ, ਨੀਲਮ ਕੁਮਾਰੀ, ਨਵਜੋਤ ਕੌਰ, ਸੰਜੀਤ, ਬਲਜੀਤ ਸਿੰਘ, ਵਨੀਤਾ ਰਾਣੀ, ਨਰਿੰਦਰ ਕੌਰ, ਕਮਲੇਸ਼ ਰਾਣੀ, ਰਜਵਿੰਦਰ ਕੌਰ, ਸੰਦੀਪ, ਪ੍ਰੀਆ, ਅਨਿਲ ਕੁਮਾਰ, ਅਨੀਸ਼, ਸੋਨੀਆ, ਵਿਸ਼ਾਲ, ਵੀਨਾ, ਮੰਜੂ ਆਦਿ ਹਾਜਰ ਸਨ।

# ਸਰਕਾਰ ਕਾਨੂੰਨ ਵਿਵਸਥਾ ਬਰਕਰਾਰ ਰੱਖਣ 'ਚ ਫੇਲ੍ਹ : ਕਾਲਾ, ਜੱਜ, ਸੋਨਾ



**ਚੌਂਕ ਮਹਿਤਾ, 20 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੀ ਕਾਨੂੰਨ ਵਿਵਸਥਾ ਨੂੰ ਬਣਾਈ ਰੱਖਣ 'ਚ ਬੁਰੀ ਤਰ੍ਹਾਂ ਫ਼ੇਲ੍ਹ ਹੋਈ ਹੈ ਜਿਸ ਕਰਕੇ ਪੰਜਾਬ 'ਚ ਬਦਮਾਸ਼ਾਂ ਦੇ ਹੌਂਸਲੇ ਬੁਲੰਦ ਹਨ ਤੇ ਉਹ ਦਿਨ ਦਿਹਾੜੇ ਕਤਲਾਂ ਦੀ ਵਾਰਦਾਤਾਂ ਨੂੰ ਅੰਜ਼ਾਮ ਦੇ ਰਹੇ ਹਨ ਤੇ ਫ਼ਿਰੌਤੀਆਂ ਮੰਗ ਰਹੇ ਹਨ। ਇਹ ਪ੍ਰਗਟਾਵਾ ਸਰਪੰਚ ਕਸ਼ਮੀਰ ਸਿੰਘ ਕਾਲਾ, ਸਰਪੰਚ ਹਰਜਿੰਦਰ ਸਿੰਘ ਜੱਜ ਅਤੇ ਸਰਪੰਚ ਮਨਦੀਪ ਸਿੰਘ ਸੋਨਾ ਨੇ ਅੱਜ ਇਥੇ ਕਾਂਗਰਸੀ ਵਰਕਰਾਂ ਨਾਲ ਇਕ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਨੇ ਆਖਿਆ ਕਿ ਅੱਜ ਹਾਲਾਤ ਇਸ ਕਦਰ ਬੱਤਰ ਬਣ ਚੁੱਕੇ ਹਨ ਕਿ ਸੂਬੇ ਦੇ ਲੋਕ ਸਹਿਮ ਦੇ ਮਾਹੌਲ 'ਚ ਜੀਅ ਰਹੇ ਹਨ। ਰੋਜਾਨਾ ਲੋਕਾਂ ਤੋਂ ਫਿਰੌਤੀਆਂ ਮੰਗਿਆ ਜਾ ਰਹੀਆਂ ਹਨ, ਪੈਸੇ ਨਾਂ ਮਿਲਣ ਤੇ ਸਿਧੀਆਂ ਗੋਲੀਆਂ ਮਾਰ ਦਿੱਤੀਆਂ ਜਾਂਦੀਆਂ ਹਨ। ਜਿਸ ਕਾਰਨ ਵੱਡੇ ਕਾਰੋਬਾਰੀਆਂ ਦੇ ਨਾਲ ਨਾਲ ਹੁਣ ਆਮ ਦੁਕਾਨਦਾਰ ਵੀ ਡਰੇ ਹੋਏ ਹਨ। ਉਕਤ ਆਗੂਆਂ ਨੇ ਆਖਿਆ ਕਿ ਅਫਸੋਸ਼ ਇਸ ਗੱਲ ਦਾ ਹੈ ਕਿ ਗੁੰਡਾਗਰਦੀ ਇਨੀ ਜਿਆਦਾ ਵੱਧ ਜਾਣ ਤੋਂ ਬਾਅਦ ਵੀ ਸਰਕਾਰ ਅਤੇ ਪ੍ਰਸ਼ਾਸ਼ਨ ਦੋਵੇਂ ਸੁੱਤੇ ਪਏ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਇਸ ਸਥਿਤੀ ਨੂੰ ਲੈ ਕੇ ਬੇਹੱਦ ਚਿੰਤਤ ਹੈ, ਜੋ ਆਪਣੇ ਲੋਕਾਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀ ਹੋਣ ਦੇਵੇਗੀ। ਜ਼ੇਕਰ ਸਰਕਾਰ ਨੇ ਸਮਾਂ ਰਹਿੰਦਿਆਂ ਕੋਈ ਠੋਸ ਕਦਮ ਨਾਂ ਚੁੱਕੇ ਤਾਂ ਕਾਂਗਰਸ ਪਾਰਟੀ ਵੱਡਾ ਐਕਸ਼ਨ ਲਿਆ ਜਾਵੇਗਾ। ਇਸ ਮੌਕੇ ਪ੍ਰਧਾਨ ਜੁਗਰਾਜ ਸਿੰਘ ਜੋਗਾ ਖੱਬੇਰਾਜਪੂਤਾਂ, ਸਾਬਕਾ ਸਰਪੰਚ ਮਹਿੰਗਾ ਸਿੰਘ ਚੂੰਘ, ਪ੍ਰਦੀਪ ਸਿੰਘ ਖੱਬੇਰਾਜਪੂਤਾਂ, ਭਿੰਦਾ ਮਹਿਤਾ, ਅਜੈ ਸ਼ਰਮਾਂ, ਰਣਜੀਤ ਸਿੰਘ ਗੱਖਾ, ਮਨਜੀਤ ਸਿੰਘ, ਹਜੂਰ ਸਿੰਘ ਬੱਲ, ਹਰਪ੍ਰੀਤ ਸਿੰਘ ਹੈਪੀ, ਵੀਰ ਸਿੰਘ ਮੈਂਬਰ ਤੇ ਹੋਰ ਵੀਂ ਕਾਂਗਰਸੀ ਵਰਕਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਅਤੇ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਖਿਡਾਰੀਆਂ ਦਾ ਹੌਸਲਾ ਵਧਾਇਆ

# ਵਾਰ ਹੀਰੋਜ਼ ਸਟੇਡੀਅਮ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਚੱਲ ਰਹੇ ਖੇਡ ਮੁਕਾਬਲਿਆਂ ਦਾ ਲਿਆ ਜਾਇਜ਼ਾ




**ਸੰਗਰੂਰ( ਰਣਜੀਤ ਸਿੰਘ ਪੇਧਨੀ )**-ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਅਤੇ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਅੱਜ ਵਾਰ ਹੀਰੋਜ਼ ਸਟੇਡੀਅਮ ਵਿਖੇ ਚੱਲ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਹੋ ਰਹੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੌਰਾਨ ਸ਼ਾਮਿਲ ਹੋ ਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ। ਉਹਨਾਂ ਨੇ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਆਪਣਾ ਨਾਮ ਚਮਕਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬੱਚਿਆਂ ਅਤੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਦਿਲਚਸਪੀ ਪੈਦਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਅਜਿਹੇ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ ਜਿਸ ਦੇ ਨਾਲ ਸੂਬੇ ਵਿੱਚ ਖੇਡ ਗਤੀਵਿਧੀਆਂ ਵੱਡੇ ਪੱਧਰ ਤੇ ਉਤਸ਼ਾਹਿਤ ਹੋ ਰਹੀਆਂ ਹਨ। ਇਸ ਮੌਕੇ ਖੇਡ ਵਿਭਾਗ ਦੇ ਅਧਿਕਾਰੀਆਂ ਵੱਲੋਂ ਦੋਵਾਂ ਹੀ ਉੱਚ ਅਧਿਕਾਰੀਆਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਜ਼ਿਲੇ ਭਰ ਵਿੱਚ ਵੱਖ-ਵੱਖ ਥਾਵਾਂ ਤੇ ਹੋਏ ਖੇਡ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲਾ ਖੇਡ ਅਫਸਰ ਨਵਦੀਪ ਸਿੰਘ ਨੇ ਦੱਸਿਆ ਕਿ ਕਿੱਕ ਬਾਕਸਿੰਗ ਅੰ-14 (ਲੜਕੇ) ਭਾਰ ਵਰਗ 28 ਕਿਲੋ ਵਿੱਚ ਚਰਨਜੀਤ ਸਿੰਘ ਨੇ ਪਹਿਲਾ, ਸਰਵ ਨੇ ਦੂਸਰਾ, ਰਮਨਦੀਪ ਸਿੰਘ ਅਤੇ ਦਿਲਪ੍ਰੀਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਭਾਰ ਵਰਗ 32 ਕਿਲੋ ਵਿੱਚ ਸਾਹਿਲ ਸਿੰਘ ਨੇ ਪਹਿਲਾ, ਸਤਗੁਰ ਸਿੰਘ ਨੇ ਦੂਸਰਾ, ਏਕਮ ਸਿੰਘ ਅਤੇ ਏਕਮਜੋਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਭਾਰ ਵਰਗ 37 ਕਿਲੋ ਵਿੱਚ ਸੈਲਿੰਦਰ ਕੁਮਾਰ ਨੇ ਪਹਿਲਾ, ਹਰਫਤਿਹ ਸਿੰਘ ਨੇ ਦੂਸਰਾ, ਮਨਿੰਦਰ ਸਿੰਘ ਅਤੇ ਹਰਮਨ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਬਾਸਕਿਟਬਾਲ ਅੰ-17 (ਲੜਕੀਆਂ) ਦੇ ਮੁਕਾਬਲੇ ਵਿੱਚ ਵਾਰ ਹੀਰੋਜ਼ ਸਟੇਡੀਅਮ ਸੰਗਰੂਰ ਦੀ ਟੀਮ ਨੇ ਪਹਿਲਾ, ਤੋਲੇਵਾਲ ਚੀਮਾਂ ਦੀ ਟੀਮ ਨੇ ਦੂਸਰਾ ਅਤੇ ਮਹਿਲਾਂ ਦੀ ਟੀਮ ਨੇ ਤੀਸਰਾ ਸਥਾਨ ਹਾਸਿਲ ਕੀਤਾ। ਗੱਤਕਾ ਅੰ-21 (ਲੜਕੀਆਂ) ਈਵੈਂਟ ਵਿਅਕਤੀਗਤ ਸ਼ਸਤਰ ਪ੍ਰਦਰਸ਼ਨ ਦੇ ਮੁਕਾਬਲੇ ਵਿੱਚ ਮੀਰੀ ਪੀਰੀ ਵਿਦਿਆਲਾ ਜੋਤੀਸਰ ਦੀ ਟੀਮ ਨੇ ਪਹਿਲਾ ਸਥਾਲ ਹਾਸਿਲ ਕੀਤਾ। ਈਵੈਂਟ ਸਿੰਗਲ ਸੋਟੀ ਵਿਅਕਤੀਗਤ ਵਿੱਚ ਪੀ.ਪੀ.ਐਸ. ਚੀਮਾ ਦੀ ਟੀਮ ਨੇ ਪਹਿਲਾ ਸਥਾਨ, ਮਸਤੂਆਣਾ ਫੁੱਟਬਾਲ ਕਲੱਬ ਨੇ ਦੂਸਰਾ ਸਥਾਨ ਅਤੇ ਮੀਰੀ ਪੀਰੀ ਵਿਦਿਆਲਾ ਜੋਤੀਸਰ ਦੀ ਟੀਮ ਨੇ ਤੀਸਰਾ ਸਥਾਨ ਹਾਸਿਲ ਕੀਤਾ। ਈਵੈਂਟ ਫਰੀ ਸੋਟੀ ਵਿਅਕਤੀਗਤ ਦੇ ਮੁਕਾਬਲੇ ਵਿੱਚ ਸਰਕਾਰੀ ਰਣਬੀਰ ਕਾਲਜ ਸੰਗਰੂਰ ਦੀ ਟੀਮ ਨੇ ਪਹਿਲਾ ਸਥਾਨ ਹਾਸਿਲ ਕੀਤਾ। ਉਮਰ ਵਰਗ 31-40 ਈਵੈਂਟ ਸਿੰਗਲ ਸੋਟੀ ਵਿਅਕਤੀਗਤ ਦੇ ਮੁਕਾਬਲੇ ਵਿੱਚ ਫਤਿਹਗੜ੍ਹ ਗੰਢੂਆਂ ਦੀ ਟੀਮ ਨੇ ਪਹਿਲਾ ਸਥਾਨ ਹਾਸਿਲ ਕੀਤਾ। ਬਾਕਸਿੰਗ ਅੰ-17 (ਲੜਕੇ) ਭਾਰ ਵਰਗ 44-46 ਕਿਲੋ ਵਿੱਚ ਮੇਹੁਲ ਕੁਮਾਰ ਅਤੇ ਜਤਿਨ ਕੁਮਾਰ ਨੇ ਕ੍ਰਮਵਾਰ ਸੁਖਵੀਰ ਸਿੰਘ ਅਤੇ ਅਰਮਾਨ ਕੁਮਾਰ ਨੂੰ ਸੈਮੀ ਫਾਈਨਲ ਵਿੱਚ ਹਰਾ ਕੇ ਫਾਈਨਲ ਵਿੱਚ ਜਗ੍ਹਾ ਬਣਾ ਲਈ ਹੈ। ਇਸੇ ਤਰ੍ਹਾਂ ਭਾਰ ਵਰਗ 46-48 ਕਿਲੋ ਵਿੱਚ ਅਵੀਨਾਸ ਕੁਮਾਰ, ਰਾਹੁਲ ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚ ਗਿਆ ਹੈ। ਹਰਮਨਦੀਪ ਸਿੰਘ, ਖੁਸ਼ਪ੍ਰੀਤ ਸਿੰਘ ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚ ਗਿਆ ਹੈ। ਭਾਰ ਵਰਗ 48-50 ਕਿਲੋ ਵਿੱਚ ਸਹਿਜਪ੍ਰੀਤ ਸਿੰਘ (ਬਾਲੀਆਂ) ਵਿਸ਼ਨੂੰ ਸ਼ਰਮਾ (ਸੁਨਾਮ) ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚ ਗਿਆ ਹੈ। ਕ੍ਰਿਸ਼ਨ (ਸੰਗਰੂਰ) ਸੁਖਵੀਰ ਸਿੰਘ (ਸੁਨਾਮ) ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚ ਗਿਆ ਹੈ। ਕਬੱਡੀ ਨੈਸ਼ਨਲ ਸਟਾਇਲ ਅੰ-21 (ਲੜਕੇ) ਦੇ ਮੁਕਾਬਲੇ ਵਿੱਚ ਸੁਨਾਮ ਬੀ ਟੀਮ ਨੇ ਲਹਿਰਾ ਬੀ ਨੂੰ 52-35 ਪੁਆਇੰਟਾਂ ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ। ਲਹਿਰਾ ਏ ਟੀਮ ਨੇ ਸੰਗਰੂਰ ਏ ਟੀਮ ਨੂੰ 27-12 ਪੁਆਇੰਟਾਂ ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ। ਭਵਾਨੀਗੜ੍ਹ ਦੀ ਟੀਮ ਨੇ ਦਿੜ੍ਹਬਾ ਬੀ ਟੀਮ ਨੂੰ 45-38 ਪੁਆਇੰਟਾਂ ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ। ਖੋਹ-ਖੋਹ ਅੰ-21-30 (ਵੂਮੈਨ) ਦੇ ਹੋਏ ਮੁਕਾਬਲੇ ਵਿੱਚ ਅਨਦਾਣਾ ਏ ਟੀਮ ਨੇ ਪਹਿਲਾ ਅਤੇ ਸ਼ੇਰਪੁਰ ਏ ਟੀਮ ਨੇ ਦੂਸਰਾ ਸਥਾਨ ਹਾਸਿਲ ਕੀਤਾ।

# ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਵੱਲੋਂ ਵਿਭਾਗੀ ਮੁਖੀਆਂ ਨੂੰ ਲਿਟੀਗੇਸ਼ਨ ਪਾਲਸੀ-2020 ਦੀ ਇੰਨ-ਬਿੰਨ ਪਾਲਣਾ ਦੇ ਆਦੇਸ਼



**ਸੰਗਰੂਰ, 20 ਸਤੰਬਰ (ਰਣਜੀਤ ਸਿੰਘ ਪੇਧਨੀ)**-ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਹੈ ਕਿ ਪੰਜਾਬ ਡਿਸਪੀਊਟ ਰੈਸੋਲਿਊਸ਼ਨ ਤੇ ਲਿਟੀਗੇਸ਼ਨ ਪਾਲਸੀ-2020 ਵਿੱਚ ਦਰਜ ਦਿਸ਼ਾ ਨਿਰਦੇਸ਼ਾਂ ਦੀ ਇੰਨ ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਅਟਾਰਨੀ ਹਰਦੀਪ ਸਿੰਘ ਕਾਹਲੋਂ ਦੀ ਮੌਜੂਦਗੀ ਵਿੱਚ ਵਿਭਾਗੀ ਮੁਖੀਆਂ ਤੇ ਨੁਮਾਇੰਦਿਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਵੱਖ-ਵੱਖ ਅਦਾਲਤਾਂ ਜਾਂ ਲੋਕ ਅਦਾਲਤਾਂ ਵਿੱਚ ਚੱਲ ਰਹੇ ਸਰਕਾਰੀ ਕੇਸਾਂ ਦੀ ਉਚਿਤ ਪੈਰਵਾਈ ਕਰਨ ਲਈ ਵਿਭਾਗੀ ਪੱਧਰ 'ਤੇ ਉਚ ਅਧਿਕਾਰੀਆਂ ਨਾਲ ਰਾਬਤਾ ਕਰਦੇ ਹੋਏ ਕੇਸਾਂ ਦਾ ਨਿਪਟਾਰਾ ਕਰਵਾਇਆ ਜਾਵੇ। ਉਨ੍ਹਾਂ ਹਦਾਇਤ ਕੀਤੀ ਕਿ ਵਿਭਾਗੀ ਮੁਖੀ ਜਾਂ ਨੋਡਲ ਅਫ਼ਸਰ, ਕੇਸਾਂ ਸਬੰਧੀ ਸਮੁੱਚੇ ਤੱਥ ਅਧਾਰਤ ਵੇਰਵੇ ਜ਼ਿਲ੍ਹਾ ਅਟਾਰਨੀ ਨਾਲ ਸਾਂਝੇ ਕਰਦੇ ਹੋਏ ਸਮੇਂ ਸਿਰ ਜਵਾਬ ਦਾਵੇ ਸਬੰਧਤ ਅਦਾਲਤਾਂ ਵਿਖੇ ਜਮ੍ਹਾਂ ਕਰਵਾਉਣ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਅਦਾਲਤੀ ਮਾਮਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਕੇਸਾਂ ਦੇ ਯੋਗ ਨਿਪਟਾਰੇ ਸਬੰਧੀ ਲੋੜੀਂਦੀ ਕਾਰਵਾਈ ਨੂੰ ਸਮੇਂ ਸਿਰ ਅਮਲ ਵਿੱਚ ਲਿਆਂਦਾ ਜਾਵੇ। ਉਨ੍ਹਾਂ ਨੇ ਸਮੂਹ ਵਿਭਾਗਾਂ ਦੇ ਨੋਡਲ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਜ਼ਿਲ੍ਹਾ ਅਟਾਰਨੀ ਨਾਲ ਕੇਸਾਂ ਦੀ ਸਥਿਤੀ ਸਬੰਧੀ ਪੂਰਨ ਤੌਰ 'ਤੇ ਰਾਬਤਾ ਰੱਖਣ ਤਾਂ ਜੋ ਕੇਸਾਂ ਦਾ ਨਿਰਧਾਰਿਤ ਸਮੇਂ ਅੰਦਰ ਨਿਪਟਾਰਾ ਕਰਵਾਉਂਦੇ ਹੋਏ ਸਰਕਾਰੀ ਸਮੇਂ ਤੇ ਧਨ ਦੀ ਬੱਚਤ ਹੋ ਸਕੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਿਹੜੇ ਮਾਮਲਿਆਂ ਵਿੱਚ ਦੋਵੇਂ ਧਿਰਾਂ ਦਾ ਨਿਪਟਾਰਾ ਆਪਸੀ ਰਜਾਮੰਦੀ ਨਾਲ ਹੋ ਸਕਦਾ ਹੈ, ਉਹਨਾਂ ਮਾਮਲਿਆਂ ਨੂੰ ਲੋਕ ਅਦਾਲਤ ਵਿੱਚ ਲਿਜਾ ਕੇ ਯੋਗ ਨਿਪਟਾਰਾ ਕਰਵਾਉਣ ਨੂੰ ਤਰਜੀਹ ਦਿੱਤੀ ਜਾਵੇ। ਉਹਨਾਂ ਕਿਹਾ ਕਿ ਲੋਕ ਅਦਾਲਤ ਦੇ ਫੈਸਲੇ ਦੇ ਖਿਲਾਫ ਕੋਈ ਅਪੀਲ ਵੀ ਨਹੀਂ ਹੁੰਦੀ। ਇਸ ਮੌਕੇ ਡਿਪਟੀ ਜ਼ਿਲ੍ਹਾ ਅਟਾਰਨੀ ਮਨੀਸ਼ ਸਿੰਗਲਾ, ਜ਼ਿਲ੍ਹਾ ਮਾਲ ਅਫ਼ਸਰ ਗੁਰਲੀਨ ਕੌਰ ਸਮੇਤ ਹੋਰ ਵਿਭਾਗਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

# ਬੀ ਜੇ ਪੀ ਦੀ ਮੈਂਬਰਸ਼ਿਪ ਅਭਿਆਨ ਜ਼ੋਰਾਂ ਸ਼ੋਰਾਂ ਤੇ ਆਉ ਮੈਂਬਰ ਬਣੀਏ : ਧਾਲੀਵਾਲ/ਹਠੂਰ

**ਜਗਰਾਉਂ** -(ਵਰਿਆਮ ਹਠੂਰ) ਭਾਰਤੀ ਜਨਤਾ ਪਾਰਟੀ ਦੀ ਮੈਂਬਰਸ਼ਿਪ ਅਭਿਆਨ ਜ਼ੋਰਾਂ ਸ਼ੋਰਾਂ ਤੇ ਹੈ। ਤੇ ਲੋਕ ਭਾਰਤੀ ਜਨਤਾ ਪਾਰਟੀ ਦੇ ਕੀਤੇ ਹੋਏ ਕੰਮਾਂ ਕਾਰਾਂ ਅਤੇ ਚਲਾਈਆਂ ਗਈਆਂ ਸਕੀਮਾਂ ਨੂੰ ਵੇਖਦੇ ਹੋਏ





ਆਏ ਦਿਨ ਭਾਰਤੀ ਜਨਤਾ ਪਾਰਟੀ ਦੇ ਮੈਂਬਰ ਬਣ ਕੇ ਪਾਰਟੀ ਨੂੰ ਹੋਰ ਤਕੜਾ ਕਰ ਰਹੇ ਹਨ। ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਲੋਕਾਂ ਦੇ ਹਰਮਨ ਪਿਆਰੇ ਪ੍ਰਧਾਨ ਮੰਤਰੀ ਹਨ। ਜਿੰਨ੍ਹਾਂ ਨੇ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕਦਮ ਚੁੱਕੇ ਹਨ। ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਲਗਾਤਾਰ ਪਾਰਟੀ ਦੀਆਂ ਜੜ੍ਹਾਂ ਨੂੰ ਹੋਰ ਮਜ਼ਬੂਤ ਕਰਨ ਲਈ ਮਿਹਨਤ ਕਰ ਰਹੇ ਹਨ। ਤੇ ਬੀ ਜੇ ਪੀ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਅਤੇ ਕੀਤੇ ਹੋਏ ਕੰਮਾਂ ਬਾਰੇ ਵਿਸਥਾਰ ਪੂਰਵਕ ਲੋਕਾਂ ਨੂੰ ਚਾਨਣਾ ਪਾ ਰਹੇ ਹਨ। ਇਿਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀ ਜੇ ਪੀ ਦੇ ਜਗਰਾਉਂ ਤੋਂ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਖ਼ਾਸ ਗੱਲਬਾਤ ਕਰਦਿਆਂ ਕਿਹਾ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੀ 2027 ਦੀਆਂ ਚੋਣਾਂ ਮੌਕੇ ਭਾਜਪਾ ਦੀ ਸਰਕਾਰ ਹੋਵੇਗੀ। ਗੱਲਬਾਤ ਕਰਦਿਆਂ ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਮੈਂਬਰਸ਼ਿਪ ਅਭਿਆਨ ਵਿੱਚ ਸਤਿਕਾਰਯੋਗ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਧ ਚੜ੍ਹ ਕੇ ਆਪਣਾ ਬਣਦਾ ਯੋਗਦਾਨ ਪਾ ਰਹੇ ਹਾਂ ਤੇ ਲੋਕਾਂ ਨਾਲ ਵੱਖ ਵੱਖ ਥਾਵਾਂ ਤੇ ਜਾ ਕੇ ਮੀਟਿੰਗਾਂ ਕਰ ਕੇ ਲੋਕਾਂ ਨੂੰ ਬੀ ਜੇ ਪੀ ਨਾਲ ਜੋੜ ਕੇ ਪਾਰਟੀ ਦੇ ਪਰਿਵਾਰ ਵਿੱਚ ਵਾਧਾ ਕਰ ਰਹੇ ਹਾਂ, ਉਨ੍ਹਾਂ ਕਿਹਾ ਕਿ ਅਸੀਂ ਪਾਰਟੀ ਦੇ ਪੁਰਾਣੇ ਤੇ ਮਿਹਨਤੀ ਵਰਕਰ ਹਾਂ ਤੇ ਪਾਰਟੀ ਦੀ ਮਜ਼ਬੂਤੀ ਅਤੇ ਚੜ੍ਹਦੀ ਕਲਾ ਲਈ ਹਮੇਸ਼ਾਂ ਆਪਣਾ ਅਹਿਮ ਰੋਲ ਅਦਾ ਕੀਤਾ ਅਤੇ ਅੱਗੇ ਵੀ ਇਸੇ ਤਰ੍ਹਾਂ ਪਾਰਟੀ ਲਈ ਮਿਹਨਤ ਕਰਦੇ ਰਹਾਂਗੇ, ਤੇ ਮੀਟਿੰਗਾਂ ਦਾ ਸਿਲਸਿਲਾ ਵੀ ਜਾਰੀ ਰਹੇਗਾ, ਅੰਤ ਵਿੱਚ ਉਨ੍ਹਾਂ ਕਿਹਾ ਕਿ ਆਉ ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਮੈਂਬਰਸ਼ਿਪ ਅਭਿਆਨ ਮੁਹਿੰਮ ਦਾ ਹਿੱਸਾ ਬਣੀਏ ਤੇ ਪਾਰਟੀ ਦੇ ਮੈਂਬਰ ਬਣ ਕੇ ਪਾਰਟੀ ਲਈ ਕੰਮ ਕਰੀਏ।

# ਪ੍ਰਸ਼ਾਸਨ ਨੇ ਸੰਗਰੂਰ ਅਨਾਜ ਮੰਡੀ ਵਿਖੇ ਬਾਸਮਤੀ ਝੋਨੇ ਦੀ ਖਰੀਦ ਸ਼ੁਰੂ ਕਰਵਾਈ

**ਸੰਗਰੂਰ, 20 ਸਤੰਬਰ (ਰਣਜੀਤ ਸਿੰਘ ਪੇਧਨੀ)**-ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਦੇ ਦਖਲ ਨਾਲ ਅੱਜ ਸਥਾਨਕ ਅਨਾਜ ਮੰਡੀਆਂ ਵਿੱਚ ਬਾਸਮਤੀ ਝੋਨੇ ਦੀ ਖਰੀਦ ਸ਼ੁਰੂ ਹੋ ਗਈ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਮਾਰਕਿਟ ਕਮੇਟੀ ਸੰਗਰੂਰ ਅਵਤਾਰ ਸਿੰਘ ਈਲਵਾਲ ਅਤੇ ਜ਼ਿਲ੍ਹਾ ਮੰਡੀ ਅਫ਼ਸਰ ਜਸਪਾਲ ਸਿੰਘ ਨੇ ਦੱਸਿਆ ਕਿ ਆੜ੍ਹਤੀਆਂ ਅਤੇ ਬਾਸਮਤੀ ਮਿਲਰ ਐਸੋਸੀਏਸ਼ਨ ਨਾਲ ਸਬੰਧਤ ਪ੍ਰਾਈਵੇਟ ਵਪਾਰੀਆਂ ਵਿੱਚ ਬਾਸਮਤੀ ਦੀ ਖਰੀਦ ਨੂੰ ਲੈ ਕੇ ਹੋਏ ਮਸਲੇ ਨੂੰ ਸਾਰੀਆਂ ਧਿਰਾਂ ਦੀ ਸਹਿਮਤੀ ਨਾਲ ਸੁਲਝਾ ਲਿਆ ਗਿਆ ਹੈ।

ਇਸ ਮੌਕੇ ਚੇਅਰਮੈਨ ਈਲਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨ ਵੀਰਾਂ ਨੂੰ ਅਨਾਜ ਮੰਡੀਆਂ ਵਿੱਚ ਹਰ ਸੁਵਿਧਾ ਉਪਲੱਬਧ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸੀਜ਼ਨ ਦੌਰਾਨ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਪੇਸ਼ ਨਹੀਂ ਆਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਝੋਨੇ ਦੇ ਦਾਣੇ ਦਾਣੇ ਦੀ ਖਰੀਦ ਅਤੇ ਚੁਕਾਈ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਾਰਕਿਟ ਕਮੇਟੀ ਦੇ ਅਧਿਕਾਰੀਆਂ ਨੂੰ ਝੋਨੇ ਦੀ ਖਰੀਦ, ਬਿਜਲੀ, ਪੀਣ ਲਈ ਸਾਫ਼ ਪਾਣੀ, ਸਾਫ਼ ਸਫ਼ਾਈ, ਪਖਾਨਿਆਂ ਦੀ ਸੁਵਿਧਾ ਸਬੰਧੀ ਕੋਈ ਵੀ ਲਾਪਰਵਾਹੀ ਨਾ ਵਰਤਣ ਲਈ ਸਪੱਸ਼ਟ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ। ਚੇਅਰਮੈਨ ਅਵਤਾਰ ਸਿੰਘ ਈਲਵਾਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਆਪਣੀ ਫ਼ਸਲ ਦੀ ਸਹੀ ਮੁੱਲ ਲੈਣ ਲਈ ਉਹ ਸੁਕਾ ਕੇ ਹੀ ਇਸਦੀ ਵਾਢੀ ਕਰਨ ਅਤੇ ਖੇਤਾਂ ਵਿੱਚ ਬਚਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਹਰ ਹੀਲੇ ਪ੍ਰਹੇਜ਼ ਕਰਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਪਰਾਲੀ ਦੇ ਯੋਗ ਨਿਬੇੜੇ ਲਈ ਮਸ਼ੀਨਰੀ 'ਤੇ ਸਬਸਿਡੀ ਮੁਹੱਈਆ ਕਰਵਾਈ ਗਈ ਹੈ ਜਿਸਦਾ ਫਾਇਦਾ ਚੁੱਕ ਕੇ ਕਿਸਾਨ ਕੁਦਰਤੀ ਢੰਗ ਨਾਲ ਹੀ ਅਗਲੀ ਫਸਲ ਲਈ ਖੇਤ ਤਿਆਰ ਕਰ ਸਕਦੇ ਹਨ। ਇਸ ਮੌਕੇ ਸਕੱਤਰ ਮਾਰਕਿਟ ਕਮੇਟੀ ਨਰਿੰਦਰਪਾਲ, ਬਘੇਲ ਸਿੰਘ ਤੇ ਗੁਰਪ੍ਰੀਤ ਸਿੰਘ ਦੋਵੇਂ ਮੰਡੀ ਸੁਪਰਵਾਈਜ਼ਰ, ਸ਼ਿਸ਼ਨ ਕੁਮਾਰ ਪ੍ਰਧਾਨ ਆੜ੍ਹਤੀਆਂ ਐਸੋਸੀਏਸ਼ਨ ਤੇ ਨੁਮਾਇੰਦੇ, ਅਕਸ਼ੇ ਕੁਮਾਰ, ਦੀਪਕ ਕੁਮਾਰ, ਸੁਭਾਸ਼ ਚੰਦ ਤੇ ਪ੍ਰਾਈਵੇਟ ਵਪਾਰੀਆਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ, ਪੱਲੇਦਾਰ ਆਦਿ ਹਾਜ਼ਰ ਸਨ।



ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦਾ

# ਸਲਾਨਾ ਮਹਾਨ ਗੁਰਮਤਿ ਜਪ-ਤਪ ਸਮਾਗਮ








## ਭਾਰੀ ਗਿਣਤੀ ਵਿਚ ਆਇਆ ਸੰਗਤਾਂ ਦਾ ਹੜ੍ਹ—ਸੰਤ ਮਹਾਂਪੁਰਸ਼ਾਂ ਨੇ ਵੀ ਭਾਰੀ ਗਿਣਤੀ ਵਿਚ ਲੁਆਈ ਹਾਜ਼ਰੀ

**ਫ਼ਿਰੋਜ਼ਪੁਰ, 20 ਸਤੰਬਰ (ਮਨੋਹਰ ਲਾਲ) :—** ਭਗਤੀ ਦੇ ਘਰ ਨਾਲ ਜਾਣੇ ਜਾਂਦੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਧੰਨ—ਧੰਨ ਸ੍ਰੀ ਗੁਰੂ ਅਮਰਦਾਸ ਜੀ ਦਾ ਜ਼ੋਤੀ ਜ਼ੋਤ ਦਿਵਸ, ਗੁਰੂ ਰਾਮਦਾਸ ਜੀ ਦਾ ਗੁਰਤਾਗੱਦੀ ਦਿਵਸ 450 ਸਾਲਾ ਸ਼ਤਾਬਦੀ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਜਪ—ਤਪ ਸਮਾਗਮ ਕਰਵਾਏ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ 31 ਅਗਸਤ ਤੋਂ ਚੱਲ ਰਹੇ ਸ੍ਰੀ ਮਹਾਂਸੰਪਟ ਅਖੰਡ ਪਾਠਾਂ ਦੇ ਭੋਗ ਪਾਏ ਗਏ। ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼, ਰਾਗੀ, ਗਿਆਨੀ, ਵਿਦਵਾਨ, ਕਥਾਵਾਚਕ, ਰਾਗੀ, ਢਾਡੀ ਜਥਿਆਂ ਨੇ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਮੌਜੂਦਾ ਮਹਾਂਪੁਰਸ਼ ਸ੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਜੀ ਭੁਚੋ ਸਾਹਿਬ ਵਾਲੇ ਵਿਸ਼ੇਸ਼ ਤੌਰ ਤੇ ਹਾਜ਼ਰ ਹੋ ਕੇ ਸ੍ਰੀ ਮਹਾਂਸੰਪਟ ਆਖੰਡ ਪਾਠਾਂ ਦੇ ਭੋਗ ਪਾਏ ਗਏ। ਇਸ ਮੌਕੇ ਤੇ ਸਿੰਘ ਸਾਹਿਬ ਗਿਆਨੀ ਰਾਜਬੀਰ ਸਿੰਘ ਜੀ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਜੀ ਨੇ ਕਥਾ ਕੀਤੀ। ਇਸ ਮੌਕੇ ਤੇ ਸੰਤ ਬਾਬਾ ਹਰੀ ਸਿੰਘ ਜੀ ਜ਼ੀਰੇ ਵਾਲੇ, ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣੇ ਵਾਲੇ, ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ ਵਾਲੇ, ਭਾਈ ਹਰਪ੍ਰੀਤ ਸਿੰਘ ਭੁਚੋ ਸਾਹਿਬ ਵਾਲੇ, ਬਾਬਾ ਬਲਜੀਤ ਸਿੰਘ ਗੁਰਦੁਆਰਾ ਠਾਠ ਸ਼ੇਰ ਮੁਹੰਮਦ, ਮਾਤਾ ਵਿਪਨਪ੍ਰੀਤ ਕੌਰ ਕੀਰਤਨ ਜਥਾ ਲੁਧਿਆਣੇ ਵਾਲੇ, ਭਾਈ ਸਾਹਿਬ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਸੰਤ ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਭਾਈ ਰਛਪਾਲ ਸਿੰਘ ਝੋਕ ਮੋਹੜੇ ਦਮਦਮੀ ਟਕਸਾਲ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਸਤਨਾਮ ਸਿੰਘ ਵਲੀਆ, ਗਿਆਨੀ ਬੋਹੜ ਸਿੰਘ ਢਾਡੀ ਜਥਾ ਬਾਰੇ ਕੇ ਵਾਲੇ ਹਜ਼ੂਰੀ ਰਾਗੀ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ ਨੇ ਗੁਰੂ ਚਰਨਾਂ ਵਿਚ ਹਾਜ਼ਰੀ ਭਰੀ। ਇਸ ਮੌਕੇ ਤੇ ਇਕ ਬਹੁਤ ਭਾਰੀ ਅੰਮ੍ਰਿਤ ਸੰਚਾਰ ਹੋਇਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਤੇ ਵੱਖ—ਵੱਖ ਡਾਕਟਰਾਂ ਵੱਲੋਂ ਮੈਡੀਕਲ ਕੈਂਪ ਲਾਇਆ ਗਿਆ, ਜਿਸ ਵਿਚ ਅਨੇਕਾਂ ਬਿਮਾਰੀਆਂ ਦਾ ਚੈਕਅਪ ਕਰਕੇ ਦਵਾਈਆਂ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਤੇ ਅੱਖਾਂ ਦਾ ਕੈਂਪ ਵੀ ਲਾਇਆ ਗਿਆ। ਇਸ ਮੌਕੇ ਤੇ ਖ਼ੂਨਦਾਨ ਕੈਂਪ ਵੀ ਲਾਇਆ ਗਿਆ, ਜਿਸ ਵਿਚ ਬਹੁਤ ਸਾਰੀਆਂ ਸੰਗਤਾਂ ਨੇ ਖ਼ੂਨਦਾਨ ਦਿੱਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸਮੂਹ ਆਈ ਹੋਈ ਸੰਗਤ ਦਾ ਧੰਨਵਾਦ ਕੀਤਾ, ਜਿਨ੍ਹਾਂ ਸਵੇਰ ਤੋਂ ਲੈ ਕੇ ਹਾਜ਼ਰੀ ਭਰੀ, ਨਾਲ ਹੀ ਉਨ੍ਹਾਂ ਸਮੂਹ ਪਾਠੀ ਸਿੰਘਾਂ ਦਾ ਜਿਨ੍ਹਾਂ ਨੇ 21 ਦਿਨ, ਦਿਨ—ਰਾਤ ਪਾਠਾਂ ਦੀ ਸੇਵਾ ਕੀਤੀ। ਇਸ ਦੇ ਨਾਲ ਹੀ ਬੀਬੀਆਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਪਾਠਾਂ ਦੀ ਸੇਵਾ ਕੀਤੀ। ਇਸ ਤੋਂ ਇਲਾਵਾ ਲੰਗਰਾਂ ਦੀ ਸੇਵਾ ਪਹਿਰੇਦਾਰ ਸਿੰਘਾਂ ਦੀ ਜਿਨ੍ਹਾਂ ਰਾਤ—ਦਿਨ ਸੇਵਾ ਕੀਤੀ। ਇਸ ਮੌਕੇ ਤੇ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜੱਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ, ਜਲੇਬੀਆਂ ਦੇ ਲੰਗਰ ਤੋਂ ਇਲਾਵਾ ਹੋਰ ਵੀ ਕਈ ਤਰ੍ਹਾਂ ਦੇ ਲੰਗਰ ਅਤੁੱਟ ਵਰਤਾਏ ਗਏ।

ਪੰਜਾਬ ਸਟੇਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਮੰਗਾਂ ਦੇ ਸਬੰਧ 'ਚ ਕੀਤੀ ਮੀਟਿੰਗ

# 25 ਸਤੰਬਰ ਨੂੰ ਮੁੱਖ ਮੰਤਰੀ ਦੇ ਨਾਮ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਸੌਂਪਿਆ ਜਾਵੇਗਾ ਮੰਗ ਪੱਤਰ

**ਫ਼ਿਰੋਜ਼ਪੁਰ, 20 ਸਤੰਬਰ (ਮਨੋਹਰ ਲਾਲ) :—** ਪੰਜਾਬ ਗੌਰਮਿੰਟ ਪੈਨਸ਼ਨਰ ਜੋਆਇੰਟ ਫਰੰਟ ਦੇ ਸੱਦੇ ਤੇ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ 25 ਸਤੰਬਰ ਨੂੰ ਮੁੱਖ ਮੰਤਰੀ ਦੇ ਨਾਮ ਡਿਪਟੀ ਕਮਿਸ਼ਨਰ ਫਿਰੋਜਪੁਰ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ। ਇਸ ਸਬੰਧ ਵਿੱਚ ਪੰਜਾਬ ਸਟੇਟ ਪੈਨਸ਼ਨਰ ਵੈਲਫ਼ੇਅਰ ਐਸੋਸੀਏਸ਼ਨ ਦੀ ਮੀਟਿੰਗ ਬਰਾਂਚ ਪ੍ਰਧਾਨ ਗੁਰਨਾਮ ਸਿੰਘ ਸੁਧਾਰਾ ਦੀ ਪ੍ਰਧਾਨਗੀ ਹੇਠ ਜਿਲਾ ਪ੍ਰਬੰਧਕੀ ਕੰਪਲੈਕਸ ਫਿਰੋਜ਼ਪੁਰ ਵਿਖੇ ਹੋਈ। ਮੀਟਿੰਗ ਵਿੱਚ ਵੱਖ—ਵੱਖ ਵਿਭਾਗਾਂ ਦੇ ਮੁਲਾਜ਼ਮ ਵੱਡੀ ਗਿਣਤੀ ਵਿਚ ਸ਼ਾਮਿਲ ਹੋਏ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਯੂਨਿਟ ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਮੀਟਿੰਗ ਵਿਚ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਨਿਖੇਧੀ ਕੀਤੀ ਗਈ। ਇਸ ਸਮੇਂ ਵੱਖ—ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਉਨ੍ਹਾਂ ਦਾ ਬਕਾਇਆ ਰਿਲੀਜ ਕੀਤਾ ਜਾਵੇ, ਪੈਨਸ਼ਨਰਾਂ ਦੀ 2.59 ਦੇ ਗੁਣਾਕ ਅਨੁਸਾਰ ਪੈਨਸ਼ਨ ਰਿਵਾਈਜ ਕੀਤੀ ਜਾਵੇ, ਛੇਵੇਂ ਤਨਖਾਹ ਕਮਿਸ਼ਨ ਦਾ 1—1—2016 ਤੋਂ 30—6—2021 ਤੱਕ ਸਾਢੇ ਚਾਰ ਸਾਲਾਂ ਦਾ ਬਕਾਇਆ ਦਿੱਤਾ ਜਾਵੇ, ਮੈਡੀਕਲ ਭੱਤੇ ਵਿੱਚ ਵਾਧਾ ਕੀਤਾ ਜਾਵੇ ਆਦਿ ਮੰਗਾਂ ਦੀ ਪੂਰਤੀ ਲਈ ਸਰਬ ਸੰਮਤੀ ਨਾਲ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 25 ਸਤੰਬਰ ਨੂੰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫਤਰ ਸਾਹਮਣੇ ਰੈਲੀ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਾਂ ਦੀਆਂ ਮੰਗਾਂ ਦਾ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਦੇ ਨਾਮ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਤਾਂ 22 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ। ਉਨ੍ਹਾਂ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਰੈਲੀ ਵਿੱਚ ਵੱਡੀ ਗਿਣਤੀ ਸ਼ਾਮਿਲ ਹੋਣ ਦੀ ਅਪੀਲ ਕੀਤੀ। ਇਸ ਮੀਟਿੰਗ ਵਿੱਚ ਪ੍ਰਤਾਪ ਸਿੰਘ ਢਿਲੋਂ ਜ਼ਿਲ੍ਹਾ ਜਨਰਲ ਸਕੱਤਰ ਪੰਜਾਬ ਪੈਨਸ਼ਨਰਜ਼, ਬਲਬੀਰ ਸਿੰਘ ਕੰਬੋਜ, ਸੀਨੀਅਰ ਮੀਤ ਪ੍ਰਧਾਨ ਪੰਜਾਬ ਕਰਮਚਾਰੀ ਦਲ, ਮਿਹਰ ਸਿੰਘ, ਤਰਸੇਮ ਸਿੰਘ ਬੇਦੀ, ਬਲਬੀਰ ਸਿੰਘ ਗੋਖੀਵਾਲਾ ਰਣਬੀਰ ਸਿੰਘ ਕੁੱਕੂ, ਪ੍ਰਮੋਦ ਗੋਗਾ, ਡਾਕਟਰ ਪ੍ਰਦੀਪ ਰਾਣਾ, ਪਿਆਰਾ ਸਿੰਘ, ਸਤਨਾਮ ਸਿੰਘ, ਗੁਰਮੀਤ ਸਿੰਘ ਔਲਖ, ਗੁਰਜਿੰਦਰ ਸਿੰਘ, ਗੁਰਦੇਵ ਸਿੰਘ, ਜੀਤ ਸਿੰਘ, ਸੁਖਦੇਵ ਸਿੰਘ, ਸਵਰਨ ਸਿੰਘ, ਮਹਿੰਦਰ ਸਿੰਘ, ਓਮ ਪ੍ਰਕਾਸ਼, ਪਰਮਜੀਤ ਸਿੰਘ ਔਲਖ, ਲਾਜਵੰਤੀ, ਡਮਰ ਬਹਾਦਰ, ਕਸ਼ਮੀਰ ਸਿੰਘ, ਚੰਦਰ ਮੋਹਨ, ਦੀਵਾਨ ਚੰਦ ਸਖੀਜਾ, ਨੰਦ ਲਾਲ, ਪਵਨ ਕੁਮਾਰ, ਗੁਰਦੀਪ ਸਿੰਘ, ਮਹਿੰਦਰ ਸਿੰਘ, ਰਤਨ ਲਾਲ ਆਦਿ ਹਾਜ਼ਰ ਸਨ।



# ਨਿਸ਼ਾਨੇਬਾਜੀ ਕੱਪ ਦੇ ਮੁਕਾਬਲੇ ਜਾਰੀ—ਪ੍ਰਬੰਧਕ







**ਫ਼ਿਰੋਜ਼ਪੁਰ, 20 ਸਤੰਬਰ (ਮਨੋਹਰ ਲਾਲ) :—** ਮਿਸਲ ਸਤਲੁਜ ਵੱਲੋਂ ਕਰਵਾਏ ਜਾ ਰਹੇ ਸ: ਚੜ੍ਹਤ ਸਿੰਘ ਨਿਸ਼ਾਨੇਬਾਜੀ ਕੱਪ ਵਿੱਚ ਤੀਸਰੇ ਦਿਨ ਪ੍ਰਤੀਯੋਗੀਆਂ ਵੱਲੋਂ ਬਹੁਤ ਵੱਡੀ ਸ਼ਿਰਕਤ ਵੇਖਣ ਨੂੰ ਮਿਲੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਕੋਚ ਸੁਖਰਾਜ ਕੌਰ, ਕੋਚ ਗੁਰਵਿੰਦਰ ਸਿੰਘ ਅਤੇ ਉਨ੍ਹਾਂ ਦੇ ਸਹਿਯੋਗੀਆਂ ਦੀ ਦੇਖ—ਰੇਖ ਹੇਠ ਬਾਬਾ ਫਰੀਦ ਸ਼ੂਟਿੰਗ ਰੇਂਜ ਅਤੇ ਨਹਿਰੂ ਸਟੇਡੀਅਮ ਰੇਂਜ ਦੋਹਾਂ ਜਗ੍ਹਾ ਮੁਕਾਬਲੇ ਜਾਰੀ ਰਹੇ। ਇਸ ਮੌਕੇ ਬੱਚਿਆਂ ਦੀ ਹੌਂਸਲਾ ਅਫਜ਼ਾਈ ਲਈ ਸਿਮਰਨਜੀਤ ਸਿੰਘ ਸੇਖੋਂ ਚੇਅਰਮੈਨ ਰਾਈਫਲ ਅਸੋਸੀਏਸ਼ਨ ਫਰੀਦਕੋਟ ਅਤੇ ਜਤਿੰਦਰ ਸਿੰਘ ਰੁਮਾਣਾ ਜਰਨਲ ਸਕੱਤਰ ਰਾਈਫਲ ਅਸੋਸੀਏਸ਼ਨ ਵਿਸ਼ੇਸ ਤੌਰ ਤੇ ਪਹੁੰਚੇ ਜਿੰਨਾ ਦਾ ਸਵਾਗਤ ਗਗਨ ਸਿੰਘ ਸਿੱਧੂ ਅਤੇ ਗੁਰਮੀਤ ਸਿੰਘ ਸੁਲਹਾਣੀ ਵੱਲੋਂ ਕੀਤਾ ਗਿਆ। ਮਿਸਲ ਸਤਲੁਜ ਵੱਲੋਂ ਹਰਦੇਵ ਸਿੰਘ ਬਰਾੜ ਘਣੀਏਵਾਲਾ ਨੌਜਵਾਨ ਜੱਥੇ ਦੇ ਸਕੱਤਰ ਹਰਦੀਪ ਸਿੰਘ ਡੋਡ, ਗੁਰਪ੍ਰੇਮ ਸਿੰਘ, ਸੁੱਖਵਿੰਦਰ ਸਿੰਘ ਰਾਏ, ਜਸਪ੍ਰੀਤ ਸਿੰਘ ਮਿੰਟਾ, ਰਛਪਾਲ ਸਿੰਘ ਪਤਲੀ, ਲਾਡੀ ਪਤਲੀ, ਕੁਲਦੀਪ ਸਿੰਘ ਡੋਡ, ਅਮਨਦੀਪ ਸਿੰਘ ਮੌਜੂਦ ਰਹੇ।

# ਪਿੰਡ ਜ਼ੋਧਪੁਰ ਵਿਖੇ ਧੰਨ-ਧੰਨ ਬਾਬਾ ਬੁੱਢਾ ਜੀ ਦੇ ਪਾਵਨ ਯਾਦ ਨੂੰ ਸਮਰਪਿਤ ਸਲਾਨਾ ਜੋੜ ਮੇਲਾ, 19, 20 ਅਤੇ 21 ਨੂੰ

**ਫ਼ਿਰੋਜ਼ਪੁਰ, 20 ਸਤੰਬਰ (ਮਨੋਹਰ ਲਾਲ) :—** ਪਿੰਡ ਜ਼ੋਧਪੁਰ ਵਿਖੇ ਧੰਨ—ਧੰਨ ਬਾਬਾ ਬੁੱਢਾ ਜੀ ਦੀ ਪਾਵਨ ਯਾਦ ਨੂੰ ਸਰਪਿਤ ਸਲਾਨਾ ਜ਼ੋੜ ਮੇਲਾ 19, 20 ਅਤੇ 21 ਜੁਲਾਈ ਨੂੰ ਚੱਲ ਰਹੇ ਹਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਵੱਡੀ ਗਿਣਤੀ ਸੰਗਤਾਂ ਨੇ ਸ਼ਿਰਕਤ ਕਰਕੇ ਗੁਰਬਾਣੀ ਦਾ ਸਰਵਣ ਕੀਤਾ। ਇਨ੍ਹਾਂ ਸਮਾਗਮ੍ਹਾਂ ਦੌਰਾਨ 19 ਦੀ ਰਾਤ ਦੇ ਦੀਵਾਨਾਂ ਦੀ ਹਾਜ਼ਰੀ ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲਿਆਂ ਨੇ ਭਰ। ਇਸ ਮੌਕੇ ਤੇ ਬਾਬਾ ਬੰਤਾ ਸਿੰਘ ਜੀ ਨੇ ਕਥਾ ਕਰਦਿਆਂ ਆਖਿਆ ਕਿ ਸਾਨੂੰ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਗੁਰੂ ਲੜ ਲਗਣਾ ਚਾਹੀਦਾ ਹੈ ਅਤੇ ਹਮੇਸ਼ਾ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰਬਾਣੀ ਪੜਨ ਨਾਲ, ਗੁਰਬਾਣੀ ਸੁਨਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ। ਇਸ ਤੋਂ ਇਲਾਵਾ 20 ਸਤੰਬਰ ਦੀ ਹਾਜ਼ਰੀ ਬਾਬਾ ਰਵਿੰਦਰ ਸਿੰਘ ਜ਼ੋਨੀ ਨੇ ਨਿਭਾਈ ਅਤੇ ਸੰਗਤਾਂ ਨੂੰ ਧੰਨ—ਧੰਨ ਬਾਬਾ ਬੁੱਢਾ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਤਿੰਨ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ। ਇਸ ਤੋਂ ਇਲਾਵਾ 21 ਸਤੰਬਰ ਦੀ ਹਾਜ਼ਰੀ ਭਾਈ ਗੁਰਜੰਟ ਸਿੰਘ ਜਵੱਦੀ ਜੀ ਨਿਭਾਉਣਗੇ।



## ਸਮਾਜ ਦੇ ਵਿਕਾਸ ਤੇ ਭਲਾਈ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਸਮਾਜ ਸੇਵੀ ਸੰਸਥਾਵਾਂ: ਬ੍ਰਮ ਸ਼ੰਕਰ ਜਿੰਪਾ

# ਕੈਬਨਿਟ ਮੰਤਰੀ ਨੇ ਮੁਕਤੀਧਾਮ ਸ਼ਮਸ਼ਾਨਘਾਟ ਵੈਲਫੇਅਰ ਸੁਸਾਇਟੀ ਤੇ ਪੀਰ ਬਾਬਾ ਖਵਾਜਾ ਖਾਨ ਹਾਜੀ ਕਲੱਬ ਪਿਪਲਾਂਵਾਲਾ ਨੂੰ ਸਹਿਯੋਗ ਰਾਸ਼ੀ ਦਾ ਚੈਕ ਕੀਤਾ ਪ੍ਰਦਾਨ

**ਹੁਸ਼ਿਆਰਪੁਰ,19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਸਮਾਜਸੇਵੀ ਕਾਰਜਾਂ ਨੂੰ ਉਤਸ਼ਾਹਿਤ ਕਰਦੇ ਹੋਏ ਪਿਪਲਾਂਵਾਲਾ ਦੇ ਮੁਕਤੀਧਾਮ ਸ਼ਮਸ਼ਾਨਘਾਟ ਵੈਲਫੇਅਰ ਸੁਸਾਇਟੀ ਨੂੰ 2 ਲੱਖ ਰੁਪਏ ਅਤੇ ਪੀਰ ਬਾਬਾ ਖਵਾਜਾ ਖਾਨ ਹਾਜੀ ਕਲੱਬ ਪਿਪਲਾਂਵਾਲਾ ਨੂੰ 1 ਲੱਖ ਰੁਪਏ ਦਾ ਚੈਕ ਭੇਟ ਕੀਤਾ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤਾ ਚੌਧਰੀ, ਸਥਾਨਕ ਸਮਾਜਸੇਵੀ ਅਤੇ ਸੰਸਥਾਵਾਂ ਦੇ ਅਧਿਕਾਰੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸਮਾਜਸੇਵੀ ਸੰਸਥਾਵਾਂ ਸਮਾਜ ਦੇ ਵਿਕਾਸ ਅਤੇ ਭਲਾਈ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਮੁਕਤੀਧਾਮ ਸ਼ਮਸ਼ਾਨਘਾਟ ਵੈਲਫੇਅਰ ਸੁਸਾਇਟੀ ਅਤੇ ਪੀਰ ਬਾਬਾ ਖਵਾਜਾ ਖਾਨ ਹਾਜੀ ਕਲੱਬ ਪਿਪਲਾਂਵਾਲਾ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਉਕਤ ਸੁਸਾਇਟੀ ਅਤੇ ਕਲੱਬ ਸਮਾਜਿਕ ਗਤੀਵਿਧੀਆਂ ਵਿਚ ਆਪਣੀ ਅਹਿੰਮ ਭੂਮਿਕਾ ਨਿਭਾਅ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਨਾ ਕੇਵਲ ਸਕਰਾਰੀ ਯੋਜਨਾਵਾਂ ਰਾਹੀਂ ਬਲਕਿ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਵੀ ਸਮਾਜ ਦੀ ਬਿਹਤਰੀ ਲਈ ਕੰਮ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਹ ਆਰਥਿਕ ਸਹਾਇਤਾ ਇਨ੍ਹਾਂ ਸੰਸਥਾਵਾਂ ਦੁਆਰਾ ਕੀਤੇ ਜਾ ਰਹੇ ਨੇਕ ਕੰਮਾਂ ਨੂੰ ਹੋਰ ਗਤੀ ਦੇਵੇਗੀ। ਨਾਲ ਹੀ ਉਨ੍ਹਾਂ ਆਸ ਪ੍ਰਗਟਾਈ ਕਿ ਇਹ ਸਹਿਯੋਗ ਹੋਰ ਸਮਾਜਸੇਵੀ ਸੰਸਥਾਵਾਂ ਨੂੰ ਵੀ ਆਪਣੇ ਕੰਮਾਂ ਨੂੰ ਬਿਹਤਰ ਤਰੀਕੇ ਨਾਲ ਅੱਗੇ ਵਧਾਉਣ ਲਈ ਪ੍ਰੇਰਿਤ ਕਰੇਗਾ।

ਬ੍ਰਮ ਸ਼ੰਕਰ ਜਿੰਪਾ ਨੇ ਭਰੋਸਾ ਦਿੱਤਾ ਕਿ ਭਵਿੱਖ ਵਿਚ ਵੀ ਇਸੇ ਤਰ੍ਹਾਂ ਲੋਕਹਿੱਤ ਕੰਮਾਂ ਵਿਚ ਯੋਗਦਾਨ ਦੇਣ ਵਾਲੀਆਂ ਸੁਸਾਇਟੀਆਂ ਅਤੇ ਕਲੱਬਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਉਨ੍ਹਾਂ ਸਾਰਿਆਂ ਨੂੰ ਇਸ ਤਰ੍ਹਾਂ ਦੇ ਕੰਮਾਂ ਵਿਚ ਭਾਗੀਦਾਰੀ ਕਰਨ ਲਈ ਪ੍ਰੇਰਿਤ ਕੀਤਾ ਅਤੇ ਸਰਕਾਰ ਵੱਲੋਂ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਇਸ ਮੌਕੇ ਕੌਂਸਲਰ ਜਗਰੂਪ ਸਿੰਘ ਧਾਮੀ, ਕੌਂਸਲਰ ਜਸਵੰਤ ਰਾਏ, ਗਣਪਤ ਰਾਏ, ਦੇਸ਼ ਰਾਜ, ਸੁਰਿੰਦਰ ਕੁਮਾਰ, ਹਰਿੰਦਰ ਕੁਮਾਰ, ਜੋਗਿੰਦਰ ਸਿੰਘ, ਜਸਵੀਰ ਸਿੰਘ, ਦੀਪ ਧਾਮੀ, ਅਵਤਾਰ ਸਿੰਘ ਧਾਮੀ, ਸੁਖਵਿੰਦਰ ਸਿੰਘ ਧਾਮੀ ਅਤੇ ਹੋਰ ਇਲਾਕਾ ਨਿਵਾਸੀ ਵੀ ਮੌਜੂਦ ਸਨ।



ਧੰਨ-ਧੰਨ ਬਾਬਾ ਜਵਾਹਰਦਾਸ ਜੀ ਦੀ 105ਵੀਂ ਬਰਸੀ ਦੇ ਸੰਬੰਧ ਵਿੱਚ
ਡੇਰਾ ਬਾਬਾ ਜਵਾਹਰਦਾਸ ਜੀ ਚੈਰੀਟੇਬਲ ਟਰੱਸਟ (ਰਜਿ:)
(ਬ੍ਰਾਂਚ ਦਮਦਮੀ ਟਕਸਾਲ ਜਥਾ (ਭਿੰਡਰਾਂ) ਮਹਿਤਾ
ਪਿੰਡ ਸੂਸਾਂ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ
ਸਾਲਾਨਾ ਸਮਾਗਮ
27 ਸਤੰਬਰ 2024, ਸ਼ੁਕਰਵਾਰ ਸਵੇਰੇ 10.00 ਤੋਂ 4.00 ਵਜੇ ਤੱਕ ਹੋਵੇਗਾ।
ਸ. ਹਰਜਿੰਦਰ ਸਿੰਘ ਜੀ ਧਾਮੀ
(ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ)
ਬਾਬਾ ਬੰਤਾ ਸਿੰਘ ਜੀ
(ਮੁੰਡਾ ਪਿੰਡ ਵਾਲੇ)
ਸਿੰਘ ਸਾਹਿਬ ਗਿਆਨੀ ਪਰਵਿੰਦਰ ਸਿੰਘ ਜੀ ਬੁੱਟਰ
(ਗ੍ਰੰਥੀ ਸ੍ਰੀ ਦਰਬਾਰ ਸਾਹਿਬ)
ਭਾਈ ਸਤਨਾਮ ਸਿੰਘ ਜੀ ਬੈਂਕਾ
(ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ)
ਖੋਜਕੀਪੁਰ ਵਾਲਿਆਂ ਦਾ ਜਥਾ
ਭਾਈ ਰਣਜੋਧ ਸਿੰਘ ਜੀ ਪਾਲਾ
(ਕਵੀਸ਼ਰੀ ਜਥਾ)
ਸ੍ਰੀ ਅਖੰਡ ਪਾਠ ਸਾਹਿਬ ਜੀ
ਮਿਤੀ 25 ਸਤੰਬਰ ਬੁੱਧਵਾਰ ਸਵੇਰੇ ਆਰੰਭ ਹੋਣਗੇ।
ਫੋਨ: 99158-00904,
99150-42113
live on
ਦਮਦਮੀ ਟਕਸਾਲ ਟੀਵੀ
LIVE
'BABA JAWAHAR DASS JI'
Soosan wale
ਭਾਈ ਸੁਖਵਿੰਦਰ ਸਿੰਘ ਜੀ
(ਹੈਡ ਗ੍ਰੰਥੀ)
ਭਾਈ ਸਰਬਜੀਤ ਸਿੰਘ ਜੀ
(ਹਜ਼ੂਰੀ ਰਾਗੀ)
ਭਾਈ ਜਸਪ੍ਰੀਤ ਸਿੰਘ ਜੀ
(ਹਜ਼ੂਰੀ ਰਾਗੀ)
ਸੋਨੂੰ ਸਿੰਘ ਜੀ
(ਮੀਤ ਗ੍ਰੰਥੀ)
ਗੁਰੂ ਪੰਥ ਦੇ ਦਾਸ :-
ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ
ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ)
ਮੁੱਖ ਪ੍ਰਬੰਧਕ : ਡੇਰਾ ਬਾਬਾ ਜਵਾਹਰਦਾਸ ਜੀ (ਬ੍ਰਾਂਚ ਦਮਦਮੀ ਟਕਸਾਲ, ਜੱਥਾ ਭਿੰਡਰਾਂ ਮਹਿਤਾ) ਪਿੰਡ ਸੂਸਾਂ, ਜ਼ਿਲ੍ਹਾ ਹੁਸ਼ਿਆਰਪੁਰ।
Amrit 98722-39775




ਧੰਨ-ਧੰਨ ਸਤਿਗੁਰੂ ਅਮਰਦਾਸ ਸਾਹਿਬ ਜੀ ਦੇ ਜੋਤੀ-ਜੋਤਿ ਦਿਵਸ ਅਤੇ ਸਤਿਗੁਰੂ ਰਾਮਦਾਸ ਸਾਹਿਬ ਜੀ ਮਹਾਰਾਜ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਿਤ
ਗੁਰਮਤਿ ਕਥਾ ਸਮਾਗਮ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ
ਸਾਊਥਹਾਲ, ਲੰਡਨ, ਯੂਕੇ ਵਿਖੇ
16 ਸਤੰਬਰ ਤੋਂ 22 ਸਤੰਬਰ 2024
ਸਮਾਂ 6.30 am ਅਤੇ 6.30 pm
ਗਿਆਨੀ ਰਾਜਪਾਲ ਸਿੰਘ ਬੋਪਾਰਾਏ
ਕਥਾਵਾਚਕ ਦਮਦਮੀ ਟਕਸਾਲ
ਸੰਪਰਕ: +91 9478897960
ਆਵਾਜ਼ਿ ਕੌਮ
AWAZE QAUM
International Newspaper & WEB TV